Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barristor, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 22 | Tuesday, February 01, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਟਰੂਡੋ ਦਾ ਕੋਵਿਡ-19 ਟੈਸਟ ਆਇਆ ਪਾਜ਼ੀਟਿਵ

ਓਟਵਾ, 31 ਜਨਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕੋਵਿਡ-19 ਟੈਸਟ ਪਾਜ਼ੀਟਿਵ ਆਇਆ ਹੈ। ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਅੱਜ ਸਵੇਰੇ ਇਹ ਜਾਣਕਾਰੀ ਦਿੱਤੀ ਗਈ।



ਇੱਕ ਆਊਟਡਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਟਰੂਡੋ ਨੇ ਆਖਿਆ ਕਿ ਉਹ ਬਿਲਕੁਲ ਠੀਕ ਮਹਿਸੂਸ ਕਰ ਰਹੇ ਹਨ ਤੇ ਉਨ੍ਹਾਂ ਨੂੰ ਕੋਈ ਲੱਛਣ ਵੀ ਨਜ਼ਰ ਨਹੀਂ ਆ ਰਹੇ। ਉਨ੍ਹਾਂ ਆਖਿਆ ਕਿ ਉਹ ਪਬਲਿਕ ਹੈਲਥ ਗਾਈਡਲਾਈਨਜ਼ ਦੀ ਪਾਲਣਾ ਕਰਦਿਆਂ ਹੋਇਆਂ ਇਸ ਹਫਤੇ ਦੂਰ ਤੋਂ ਹੀ ਕੰਮ ਕਰਨਾ ਜਾਰੀ ਰੱਖਣਗੇ। ਇਸ ਸਮੇਂ ਉਨ੍ਹਾਂ ਕੋਈ ਮਾਸਕ ਵੀ ਨਹੀਂ ਸੀ ਪਾਇਆ ਹੋਇਆ।

ਟਰੂਡੋ ਦੇ ਇੱਕ ਬੱਚੇ ਦੇ ਪਾਜ਼ੀਟਿਵ ਆਉਣ ਤੋਂ ਬਾਅਦ ਉਹ ਵੀਰਵਾਰ ਤੋਂ ਹੀ ਆਈਸੋਲੇਸ਼ਨ ਵਿੱਚ ਹਨ। ਉਨ੍ਹਾਂ ਦੇ ਤਿੰਨ ਬੱਚਿਆਂ ਵਿੱਚੋਂ ਦੂਜਾ ਵੀ ਪਾਜ਼ੀਟਿਵ ਪਾਇਆ ਗਿਆ ਹੈ। ਉਨ੍ਹਾਂ ਆਖਿਆ ਕਿ ਇਸ ਸਮੇਂ ਉਨ੍ਹਾਂ ਦੇ ਪਰਿਵਾਰ ਨੂੰ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਇਸ ਵਿੱਚ ਕੋਈ ਅਲੋਕਾਰੀ ਜਾਂ ਖਾਸ ਗੱਲ ਨਹੀਂ ਹੈ। ਕਈ ਕੈਨੇਡੀਅਨਜ਼ ਤੇ ਦੁਨੀਆਂ ਭਰ ਦੇ ਕਈ ਲੋਕਾਂ ਨੂੰ ਇਸ ਸਥਿਤੀ ਵਿੱਚੋਂ ਲੰਘਣਾ ਪੈ ਰਿਹਾ ਹੈ।

ਇਸ ਐਕਸਪੋਜ਼ਰ ਦਾ ਪਤਾ ਲੱਗਦਿਆਂ ਹੀ ਬੁੱਧਵਾਰ ਨੂੰ ਪ੍ਰਧਾਨ ਮੰਤਰੀ ਨੇ ਆਖਿਆ ਸੀ ਕਿ ਉਨ੍ਹਾਂ ਦਾ ਰੈਪਿਡ ਐਂਟੀਜਨ ਟੈਸਟ ਨੈਗੇਟਿਵ ਆਇਆ ਹੈ। ਟਰੂਡੋ ਦੀ ਪੂਰੀ ਵੈਕਸੀਨੇਸ਼ਨ ਹੋ ਚੁੱਕੀ ਹੈ ਤੇ ਉਨ੍ਹਾਂ ਨੂੰ 4 ਜਨਵਰੀ ਨੂੰ ਬੂਸਟਰ ਸ਼ੌਟ ਵੀ ਲੱਗਿਆ ਸੀ। ਉਨ੍ਹਾਂ ਸਾਰੇ ਕੈਨੇਡੀਅਨਜ਼ ਨੂੰ ਵੈਕਸੀਨੇਸ਼ਨ ਕਰਵਾਉਣ ਦੀ ਅਪੀਲ ਕੀਤੀ।

## ਟਰੱਕਰਜ਼ ਵਿੱਚੋਂ ਕੁੱਝ ਦੇ ਮਾੜੇ ਰਵੱਈਏ ਦੀ ਟਰੂਡੋ ਨੇ ਕੀਤੀ ਨਿਖੇਧੀ

*ਫਰੀਡਮ ਕੌਨਵੌਏ ਦੇ ਵਿਰੋਧ ਦੇ ਬਾਵਜੂਦ ਐਮਪੀ ਕੰਮ ਉੱਤੇ ਪਰਤੇ

ਓਟਵਾ, 31 ਜਨਵਰੀ (ਪੋਸਟ ਬਿਊਰੋ) : ਵੀਕੈਂਡ ਉੱਤੇ ਟਰੱਕਰਜ਼ ਦੇ ਕਾਫਲੇ ਵਿੱਚ ਹਿੱਸਾ ਲੈਣ ਵਾਲੇ ਕੁੱਝ ਵਿਅਕਤੀਆਂ ਵੱਲੋਂ ਅਜੀਬ ਵਤੀਰਾ ਅਪਣਾਏ ਜਾਣ ਦੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ। ਫਰੀਡਮ ਕੌਨਵੌਏ ਦੇ ਵਿਰੋਧ ਦੇ ਬਾਵਜੂਦ ਮੈਂਬਰ ਪਾਰਲੀਆਮੈਂਟ ਸੋਮਵਾਰ ਨੂੰ ਕੰਮ ਉੱਤੇ ਪਰਤ ਆਏ।



ਟਰੂਡੋ ਨੇ ਆਖਿਆ ਕਿ ਉਹ ਤੇ ਉਨ੍ਹਾਂ ਦੀ ਸਰਕਾਰ ਟਰਾਂਸਪੋਰਟ ਟਰੱਕਰਜ਼ ਦੇ ਅਜਿਹੇ ਮੁਜ਼ਾਹਰਿਆਂ ਤੋਂ ਡਰਨ ਵਾਲੀ ਨਹੀਂ ਹੈ। ਉਨ੍ਹਾਂ ਆਖਿਆ ਕਿ ਇਸ ਵਿਰੋਧ ਦਾ ਤੀਜਾ ਦਿਨ ਸੀ ਤੇ ਅਸੀਂ ਇਹ ਦਰਸ਼ਾ ਦਿੱਤਾ ਹੈ ਕਿ ਇਨ੍ਹਾਂ ਮੁਜ਼ਾਹਰਾਕਾਰੀਆਂ ਨਾਲ ਕਿਸੇ ਤਰ੍ਹਾਂ ਦੀ ਕੋਈ ਗੱਲਬਾਤ ਦਾ ਸਾਡਾ ਕੋਈ ਇਰਾਦਾ ਨਹੀਂ ਹੈ। ਉਨ੍ਹਾਂ ਆਖਿਆ ਕਿ ਪਿਛਲੇ ਕੁੱਝ ਦਿਨਾਂ ਵਿੱਚ ਇਨ੍ਹਾਂ ਮੁਜ਼ਾਹਰਾਕਾਰੀਆਂ ਵਿੱਚੋਂ ਕੁੱਝ ਦੇ ਮਾੜੇ ਵਿਵਹਾਰ ਤੋਂ ਕੈਨੇਡੀਅਨਜ਼ ਹੈਰਾਨ ਹਨ।

ਇਸ ਤੋਂ ਉਲਟ ਐਤਵਾਰ ਰਾਤ ਨੂੰ ਟਰੱਕਰਜ਼ ਨਾਲ ਮੀਟਿੰਗ ਕਰਨ ਤੋਂ ਬਾਅਦ ਡਿਪਟੀ ਕੰਜ਼ਰਵੇਟਿਵ ਆਗੂ ਕੈਂਡਿਸ ਬਰਜਨ ਨੇ ਆਖਿਆ ਕਿ ਪੂਰੇ ਦੇਸ਼ ਦਾ ਧਿਆਨ ਆਪਣੇ ਵੱਲ ਖਿੱਚਣ ਵਾਲੇ ਇਨ੍ਹਾਂ ਟਰੱਕਰਜ਼ ਦੀ ਗੱਲ ਜ਼ਰੂਰ ਸੁਣੀ ਜਾਣੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਇਨ੍ਹਾਂ ਟਰੱਕਰਜ਼ ਵੱਲੋਂ ਕੋਵਿਡ-19 ਵੈਕਸੀਨ ਨੂੰ ਲਾਜ਼ਮੀ ਕੀਤੇ ਜਾਣ ਤੇ ਹੋਰਨਾਂ ਪਾਬੰਦੀਆਂ ਖਿਲਾਫ ਵੀਕੈਂਡ ਤੋਂ ਹੀ ਮੁਜ਼ਾਹਰਾ ਕੀਤਾ ਜਾ ਰਿਹਾ ਹੈ।

## ਓਨਟਾਰੀਓ ਵਾਸੀ ਕੋਵਿਡ-19 ਤੋਂ ਪਹਿਲਾਂ ਵਰਗੀ ਜ਼ਿੰਦਗੀ ਵੱਲ ਪਰਤਣ ਦੇ ਚਾਹਵਾਨ : ਫੋਰਡ

*ਓਨਟਾਰੀਓ ਵਿੱਚ ਰੈਸਟੋਰੈਂਟਸ, ਜਿੰਮਜ਼ ਤੇ ਥਿਏਟਰ ਮੁੜ ਖੁੱਲ੍ਹੇ
*ਪਾਬੰਦੀਆਂ ਵਿੱਚ ਵੀ ਦਿੱਤੀ ਗਈ ਢਿੱਲ

ਓਨਟਾਰੀਓ, 31 ਜਨਵਰੀ (ਪੋਸਟ ਬਿਊਰੋ) : ਕੋਵਿਡ-19 ਲਾਕਡਾਊਨਜ਼ ਨੂੰ ਖ਼ਤਮ ਕਰਨ ਲਈ ਪ੍ਰੀਮੀਅਰ ਡੱਗ ਫੋਰਡ ਵੱਲੋਂ ਪ੍ਰਗਟਾਏ ਵਿਚਾਰਾਂ ਉੱਤੇ ਕੁਈਨਜ਼ ਪਾਰਕ ਵਿੱਚ ਵਿਰੋਧੀ ਧਿਰਾਂ ਵੱਲੋਂ ਵੀ ਸਹਿਮਤੀ ਪ੍ਰਗਟਾਈ ਗਈ।



ਸੋਮਵਾਰ ਨੂੰ ਇੱਕ ਲਿਖਤੀ ਬਿਆਨ ਵਿੱਚ ਫੋਰਡ ਨੇ ਆਖਿਆ ਕਿ ਸਾਰੇ ਓਨਟਾਰੀਓ ਵਾਸੀ ਇਸ ਮਹਾਂਮਾਰੀ ਤੋਂ ਖਹਿੜਾ ਛੁਡਾਉਣ ਤੇ ਕੋਵਿਡ-19 ਤੋਂ ਪਹਿਲਾਂ ਵਰਗੀ ਜ਼ਿੰਦਗੀ ਵੱਲ ਪਰਤਣ ਦੇ ਚਾਹਵਾਨ ਹਨ। ਇਸ ਤੋਂ ਪਹਿਲਾਂ ਪੀਟਰਬਰੋ, ਓਨਟਾਰੀਓ ਵਿੱਚ ਇੱਕ ਲੋਕਲ ਰੇਡੀਓ ਸਟੇਸ਼ਨ ਉੱਤੇ ਗੱਲ ਕਰਦਿਆਂ ਸ਼ੁੱਕਰਵਾਰ ਨੂੰ ਫੋਰਡ ਨੇ ਆਖਿਆ ਸੀ ਕਿ ਸਾਨੂੰ ਇਸ ਵਾਇਰਸ ਨਾਲ ਜਿਊਣਾ ਸਿੱਖਣਾ ਹੋਵੇਗਾ ਤੇ ਹਾਲਾਤ ਨੂੰ ਆਮ ਵਰਗਾ ਕਰਨਾ ਹੋਵੇਗਾ।

ਫੋਰਡ ਦੇ ਇਹ ਬਿਆਨ ਓਨਟਾਰੀਓ ਦੇ ਚੀਫ ਮੈਡੀਕਲ ਆਫੀਸਰ ਆਫ ਹੈਲਥ ਡਾ· ਕੀਰਨ ਮੂਰ ਨਾਲ ਕਾਫੀ ਹੱਦ ਤੱਕ ਮੇਲ ਖਾਂਦੇ ਹਨ, ਜਿਨ੍ਹਾਂ ਨੇ ਆਖਰੀ ਵੀਰਵਾਰ ਇਹ ਆਖਿਆ ਸੀ ਕਿ ਸਮਾਂ ਆ ਗਿਆ ਹੈ ਕਿ ਅਸੀਂ ਕੋਵਿਡ-19 ਨਾਲ ਰਹਿਣਾ ਸਿੱਖ ਲਈਏ। ਮੂਰ ਵੱਲੋਂ ਕੋਵਿਡ-19 ਵੈਕਸੀਨਜ਼ ਤੇ ਨਵੀਆਂ ਐਂਟੀਵਾਇਰਲ ਦਵਾਈਆਂ ਨੂੰ ਹੀ ਇਸ ਤਰ੍ਹਾਂ ਦੀ ਸੋਚ ਲਈ ਜ਼ਿੰਮੇਵਾਰ ਦੱਸਿਆ ਗਿਆ।

ਸੋਮਵਾਰ ਨੂੰ ਲਿਬਰਲ ਆਗੂ ਸਟੀਵਨ ਡੈਲ ਡੂਕਾ ਨੇ ਵੀ ਆਖਿਆ ਕਿ ਉਹ ਪਿਛਲੀ ਵਾਰੀ ਵੀ ਲਾਕਡਾਊਨ ਨਹੀਂ ਸਨ ਚਾਹੁੰਦੇ। ਸਗੋਂ ਉਹ ਤਾਂ ਕੋਈ ਲਾਕਡਾਊਨ ਨਹੀਂ ਸਨ ਚਾਹੁੰਦੇ। ਐਨਡੀਪੀ ਆਗੂ ਕੈਥਰੀਨ ਫਾਈਫ ਨੇ ਆਖਿਆ ਕਿ ਹੁਣ ਲਾਕਡਾਊਨਜ਼ ਤੋਂ ਲੋਕ ਅੱਕ ਚੁੱਕੇ ਹਨ ਤੇ ਇਹ ਪਰੇਸ਼ਾਨੀ ਸਹੀ ਵੀ ਹੈ।

ਜ਼ਿਕਰਯੋਗ ਹੈ ਕਿ ਸੋਮਵਾਰ ਤੋਂ ਓਨਟਾਰੀਓ ਵਿੱਚ ਰੈਸਟੋਰੈਂਟਸ, ਜਿੰਮਜ਼ ਤੇ ਥਿਏਟਰ ਮੁੜ ਖੁੱਲ੍ਹ ਗਏ ਤੇ ਹੋਰਨਾਂ ਪਬਲਿਕ ਹੈਲਥ ਪਾਬੰਦੀਆਂ ਵਿੱਚ ਵੀ ਢਿੱਲ ਦਿੱਤੀ ਗਈ। ਸੋਮਵਾਰ ਨੂੰ ਸਿੱਖਿਆ ਮੰਤਰੀ ਸਟੀਫਨ ਲਿਚੇ ਨੇ ਆਖਿਆ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਪੇਡ ਸਿੱਕ ਡੇਅਜ਼ ਸਬੰਧੀ ਡੀਲ ਵੀ ਜਲਦ ਹੀ ਨੇਪਰੇ ਚੜ੍ਹ ਜਾਵੇਗੀ।

## ਮੁੱਖ ਮੰਤਰੀ ਚੰਨੀ ਦੇ ਚਮਕੌਰ ਸਾਹਿਬ ਹਲਕੇ ਵਿੱਚ ਹੁੰਦੀ ਗੈਰ-ਕਾਨੂੰਨੀ ਮਾਈਨਿੰਗ ਦੀ ਜਾਂਚ ਦੇ ਨਿਰਦੇਸ਼

* ਗਵਰਨਰ ਨੇ ਡੀ ਜੀ ਪੀ ਤੋਂ ਰਿਪੋਰਟ ਮੰਗੀ

ਚੰਡੀਗੜ੍ਹ, 31 ਜਨਵਰੀ, (ਪੋਸਟ ਬਿਊਰੋ)- ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪੁਰੋਹਿਤ ਨੇ ਪੰਜਾਬ ਪੁਲਸ ਦੇ ਡੀਜੀਪੀ, ਵੀਕੇ ਭਾਵਰਾ ਨੂੰ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਚਮਕੌਰ ਸਾਹਿਬ ਇਲਾਕੇਵਿੱਚ ਹੋ ਰਹੀ ਗੈਰ-ਕਾਨੂੰਨੀ ਮਾਈਨਿੰਗ ਦੀ ਉੱਚ ਪੱਧਰੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ।

ਵਰਣ ਯੋਗ ਹੈ ਕਿ ਪਿਛਲੇ ਕਾਫੀ ਸਮੇਂ ਤੋਂ ਇਸ ਗੱਲ ਦੇ ਦੋਸ਼ ਲੱਗਦੇ ਸਨ ਕਿ ਪੰਜਾਬ ਵਿੱਚ ਹੋਰ ਕਈ ਥਾਂਵਾਂ ਵਾਂਗ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਇਲਾਕੇ ਵਿੱਚ ਵੀ ਰੇਤ ਦੀ ਨਾਜਾਇਜ਼ ਮਾਈਨਿੰਗ ਕੀਤੀ ਜਾਂਦੀ ਹੈ। ਇਸ ਬਾਰੇ ਚਰਚਾ ਓਦੋਂ ਹੋਰ ਵਧ ਗਈ, ਜਦੋਂ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਮੁੱਖ ਮੰਤਰੀ ਚੰਨੀ ਦੀ ਸਾਲੀ ਦੇ ਪੁੱਤਰ ਦੇ



ਘਰ ਤੇ ਹੋਰ ਕੰਪਲੈਕਸਾਂ ਉੱਤੇ ਛਾਪੇ ਮਾਰੇ ਅਤੇ ਕਰੋੜਾਂ ਰੁਪਏ ਦੀ ਬੇਹਿਸਾਬੀ ਦੌਲਤ ਦੇ ਨਾਲ ਨਾਜਾਇਜ਼ ਮਾਈਨਿੰਗ ਦਾ ਕਾਫੀ ਸਾਰਾ ਰਿਕਾਰਡ ਮਿਲਣ ਦਾ ਦਾਅਵਾ ਕੀਤਾ ਗਿਆ ਸੀ। ਗਵਰਨਰ ਪੰਜਾਬ ਨੇ ਇਸ ਸਬੰਧ ਵਿੱਚ ਐਕਸ਼ਨ ਟੇਕਨ ਰਿਪੋਰਟ ਵੀ ਪੰਜਾਬ ਪੁਲਸ ਦੇ ਮੁਖੀ (ਡੀ ਜੀ ਪੀ) ਕੋਲੋਂ ਮੰਗੀ ਹੈ। ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਇੱਕ ਵਫਦ ਨੇ ਗਵਰਨਰ ਪੰਜਾਬ ਨੂੰ ਮਿਲ ਕੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਵਿਰੁੱਧਕੇਸ ਦਰਜ ਕਰਨ ਦੀ ਮੰਗ ਕੀਤੀ ਸੀ ਅਤੇ ਇਸ ਪਾਰਟੀ ਨੇ ਗਵਰਨਰ ਦੇ ਤਾਜ਼ਾ ਹੁਕਮਾਂ ਦਾ ਸਵਾਗਤ ਕੀਤਾ ਹੈ।

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Axel Insurance Brokers Ltd.
1550 South Gateway Rd. Suite 220 Mississauga, ON L4W 5G6

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Axel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Locations Woodbridge Mississauga Scarborough
YES! Immigration Yes we can...
Celebrating 16 Years
16 ਸਾਲਾਂ ਤੋਂ ਤੋਹਾਡੀ ਸੇਵਾ ਵਿਚ
ਇੰਮਿਗਰੇਸ਼ਨ ਸੇਵਾਵਾਂ 10-20% Discount
iccrc Raj Narang Ritu Narang
ਕੇਨੇਡਾ ਦੇ ਵੀਜ਼ਾ ਵਾਸਤੇ ਅਜੱ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

ROYAL STAR Realty Inc. Brokerage
Off: 905-793-1111
Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

Dubai Jewellers
10% additional discount on gold and upto 50% on diamond.
2700 Northpark Drive Unit #19, Brampton Ontario L6S 0E9
North Park & Airport Major Intersection
ਨਵੇਂ ਬਣੇ ਪਲਾਜ਼ਾ ਦੇ ਵਿਚ
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
Dubai Jewellers
Raj & Gulshan
Mob: 416-465-1200
www.dubaijewellers.ca
info@dubaijewellers.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com


Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
$25/mo.
1 Promenade Circle, Thornhill
379 Main St. North, Brampton
2456 Lake Shore Blvd West, Etobicoke
chatr™
AUTHORIZED DEALER
Offer subject to change without notice. Get up to 500MB of data on the Talk, Text and Data Plan. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2022

# ਬਿਕਰਮ ਮਜੀਠੀਆ ਨੂੰ ਸੁਪਰੀਮ ਕੋਰਟ ਨੇ ਚੋਣਾਂ ਤੱਕ ਗ੍ਰਿਫ਼ਤਾਰੀ ਉੱਤੇ ਰੋਕ ਦੀ ਰਾਹਤ ਦਿੱਤੀ



ਚੰਡੀਗੜ੍ਹ, 31 ਜਨਵਰੀ, (ਪੋਸਟ ਬਿਊਰੋ)- ਪੰਜਾਬ ਦੇ ਬਹੁ-ਚਰਚਿਤ ਡਰੱਗ ਕੇਸ ਵਿੱਚ ਫਸੇ ਹੋਏ ਸੀਨੀਅਰ ਅਕਾਲੀ ਆਗੂ ਅਤੇ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਪੰਜਾਬ ਚੋਣਾਂ ਦੇ ਕਾਰਨ ਅੱਜ ਸੋਮਵਾਰ ਸੁਪਰੀਮ ਕੋਰਟ ਤੋਂ ਵੱਡੀ ਛੋਟ ਮਿਲ ਗਈ ਹੈ। ਅਦਾਲਤ ਨੇ ਮਜੀਠੀਆ ਦੀ ਗ੍ਰਿਫ਼ਤਾਰੀ ਉੱਤੇ 23 ਫਰਵਰੀ ਤੱਕ ਰੋਕ ਲਾ ਦਿੱਤੀ ਹੈ। ਪੰਜਾਬ ਪੁਲਿਸ ਇਸ ਕਾਰਨ ਉਨ੍ਹਾਂ ਨੂੰ ਹਾਲ ਦੀ ਘੜੀ ਗ੍ਰਿਫ਼ਤਾਰ ਨਹੀਂ ਕਰ ਸਕੇਗੀ।

ਅੱਜ ਸੋਮਵਾਰ ਨੂੰ ਸੁਪਰੀਮ ਕੋਰਟ ਨੇ ਬਿਕਰਮ ਸਿੰਘ ਮਜੀਠੀਆ ਦੀ ਅਰਜ਼ੀ ਉੱਤੇ ਸੁਣਵਾਈ ਦੇ ਬਾਅਦ ਉਸ ਨੂੰ ਚੋਣ ਪ੍ਰਚਾਰ ਕਰਨ ਲਈ ਹਰੀ ਝੰਡੀ ਦੇ ਦਿੱਤੀ ਹੈ। ਇਸ ਮੌਕੇ ਭਾਰਤ ਦੇ ਚੀਫ ਜਸਟਿਸ ਐੱਨ ਕੇ ਰਾਮੰਨਾ ਨੇ ਕਿਹਾ ਕਿ ਅਫਸੋਸ ਹੈ ਕਿ ਪੰਜਾਬ ਵਿੱਚੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹੋ ਜਿਹੇ ਕੇਸ ਸਾਹਮਣੇ ਆ ਰਹੇ ਹਨ। ਵਰਨਣ ਯੋਗ ਹੈ ਕਿ ਇਸਤੋਂ ਪਹਿਲਾਂ ਸੁਪਰੀਮ ਕੋਰਟ ਨੇ ਡਰੱਗ ਕੇਸਵਿੱਚ ਅਗਾਊਂ ਜ਼ਮਾਨਤ ਦੀ ਅਰਜ਼ੀਦੀ ਸੁਣਵਾਈ ਕਰਨ ਲਈ ਮਨਜ਼ੂਰੀ ਦੇ ਕੇ ਅੱਜ 31 ਜਨਵਰੀ ਤੱਕ ਮਜੀਠੀਆ ਦੀ ਗ੍ਰਿਫਤਾਰੀ ਉੱਤੇ ਰੋਕ ਲਾਈ ਸੀ। ਅੱਜ ਕੇਸ ਦੀ ਸੁਣਵਾਈ ਮੌਕੇ ਅਦਾਲਤ ਨੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਦੇ ਵਕੀਲਾਂ ਦੀਆਂ ਦਲੀਲਾਂ ਰੱਦ ਕਰਨ ਦੇ ਬਾਅਦਬਿਕਰਮ ਸਿੰਘਮਜੀਠੀਆ ਨੂੰ ਚੋਣਾਂ ਪਿੱਛੋਂ 23 ਫਰਵਰੀ ਤੱਕ ਰਾਹਤ ਦੇ ਦਿੱਤੀ। ਕੋਰਟ ਨੇ ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਉਦੋਂ ਤੱਕ ਬਿਕਰਮ ਸਿੰਘ ਮਜੀਠੀਆ ਵਿਰੁੱਧ ਕੋਈ ਕਾਰਵਾਈ ਨਾ ਕਰਨ ਨੂੰ ਕਿਹਾ ਹੈ, ਜਦੋਂ ਤੱਕ ਜ਼ਮਾਨਤ ਅਰਜ਼ੀ ਉੱਤੇ ਸੁਣਵਾਈ ਨਹੀਂ ਹੋ ਜਾਂਦੀ।ਸੁਪਰੀਮ ਕੋਰਟ ਨੇ ਮਜੀਠੀਆ ਨੂੰ ਚੋਣਾਂ ਹੋਣ ਮਗਰੋਂ 23 ਫਰਵਰੀ ਨੂੰ ਟਰਾਇਲ ਕੋਰਟ ਅੱਗੇ ਪੇਸ਼ ਹੋਣ ਅਤੇ ਰੈਗੂਲਰ ਜ਼ਮਾਨਤ ਲੈਣ ਲਈ ਕਿਹਾ ਹੈ।

## ਚੋਣ ਕਮਿਸ਼ਨ ਨੇ ਚੋਣਾਂ ਲਈ ਰੈਲੀਆਂ ਅਤੇ ਰੋਡਸ਼ੋਅ ਉੱਤੇਪਾਬੰਦੀ 11 ਫਰਵਰੀ ਤਕ ਵਧਾਈ

ਨਵੀਂ ਦਿੱਲੀ, 31 ਜਨਵਰੀ, (ਪੋਸਟ ਬਿਊਰੋ)- ਭਾਰਤਵਿੱਚ ਕੋਰੋਨਾ ਇਨਫੈਕਸ਼ਨ ਦੇ ਘਟਦੇ ਕੇਸਾਂਨੂੰ ਵੇਖ ਕੇ ਦੇਸ਼ ਦੇ ਚੋਣ ਕਮਿਸ਼ਨ ਨੇ ਪੰਜ ਰਾਜਾਂ ਵਿੱਚ ਚੋਣ ਪ੍ਰਚਾਰ ਲਈ ਸਿਆਸੀ ਪਾਰਟੀਆਂ ਉੱਤੇ ਲਾਈਆਂ ਪਾਬੰਦੀਆਂਵਿੱਚ ਢਿੱਲ ਦੇਣ ਦਾ ਫੈਸਲਾ ਕੀਤਾ ਹੈ, ਪਰ ਚੋਣ ਰੈਲੀਆਂ ਉੱਤੇ ਪਾਬੰਦੀ 11 ਫਰਵਰੀ ਤਕ ਵਧਾ ਦਿੱਤੀ ਹੈ। ਕਮਿਸ਼ਨ ਨੇ ਇਸ ਦੌਰਾਨ 1000 ਲੋਕਾਂ ਦਾ ਇਕੱਠ ਕਰਨ ਦੀ ਇਜਾਜ਼ਤ ਦੇ ਦਿੱਤੀ ਅਤੇ 500 ਲੋਕਾਂ ਨਾਲ ਇਨਡੋਰ ਮੀਟਿੰਗ ਕਰਨ ਦੀ ਵੀ ਖੁੱਲ੍ਹ ਦੇ ਕੇ 20 ਲੋਕਾਂ ਦੇ ਡੋਰ-ਟੂ-ਡੋਰ ਪ੍ਰਚਾਰਲਈ ਨਿਰਦੇਸ਼ ਜਾਰੀ ਕੀਤੇ ਹਨ।

ਇਸ ਤੋਂ ਪਹਿਲਾਂ 22 ਜਨਵਰੀ ਨੂੰ ਚੋਣ ਕਮਿਸ਼ਨ ਨੇ ਪੰਜ ਚੋਣ ਰਾਜਾਂਵਿੱਚ ਰੈਲੀਆਂ ਰੋਡ ਸ਼ੋਅ ਉੱਤੇ ਪਾਬੰਦੀ 31 ਜਨਵਰੀ ਤਕ ਵਧਾ ਦਿੱਤੀ ਸੀ, ਪਰ ਘਰ-ਘਰ ਪ੍ਰਚਾਰ ਕਰਨ ਦੀ ਇਜਾਜ਼ਤ ਦੇਦਿੱਤੀ ਸੀ। ਚੋਣ ਕਮਿਸ਼ਨ ਨੇ ਅੱਜ ਸੋਮਵਾਰ ਪੰਜ ਰਾਜਾਂ ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ, ਗੋਆ ਤੇ ਮਨੀਪੁਰ ਵਿੱਚ ਕੋਵਿਡ-19 ਦੀ ਹਾਲਤ ਤੇ ਓਥੇ ਕੋਰੋਨਾ ਟੀਕਾਕਰਨ ਮੁਹਿੰਮ ਦਾ ਜਾਇਜ਼ਾ ਲਿਆ ਹੈ। ਪੰਜਾਬ ਸਮੇਤਇਨ੍ਹਾਂ ਪੰਜ ਰਾਜਾਂ ਉੱਤਰ ਪ੍ਰਦੇਸ਼, ਉੱਤਰਾਖੰਡ, ਮਨੀਪੁਰ ਅਤੇ ਗੋਆ ਵਿੱਚ ਵਿਧਾਨ ਸਭਾ ਚੋਣਾਂ ਲਈ ਵੋਟਿੰਗ 10 ਫਰਵਰੀ ਤੋਂ 7 ਮਾਰਚ ਵਿਚਾਲੇ ਹੋਵੇਗੀ। ਪੰਜ ਰਾਜਾਂ ਵਿੱਚ ਚੋਣਾਂ 7 ਪੜਾਵਾਂ ਵਿੱਚ ਮੁਕੰਮਲ ਹੋਣਗੀਆਂ ਅਤੇ ਵੋਟਾਂ ਦੀ ਗਿਣਤੀ 10 ਮਾਰਚ ਨੂੰ ਹੋਵੇਗੀ।

Other Realtors only Promise
But JAG AUJLA SOLD YOUR HOME WITH
GUARANTEE
Advertisement GUARANTEED Till SOLD
Call For a Quick & Free Home Evaluation
www.BramptonQuickHomeEvaluation.com
Top 1% Broker
JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated)
Off: 905-456-3232
www.BramptonTopRelator.com
ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ

CALEDON
BRAND NEW HOUSE FOR SALE ON ASSIGNMENT (IN CALEDON)
ਕੈਨੇਡੀ / ਦੂੱਗਲ
ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਂਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇੰਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਉਨਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।

BRAMPTON
Queen St / West Drive $514,905
12 laurelcrest St. 411
Queen St./West Drive
ਕੁਈਨ ਸਟਰੀਟ ਤੇ ਵੈਸਟ ਡਰਾਈਵ ਉਤੇ ਬਹੁਤ ਹੀ ਸੋਹਣਾ ਕੋਂਡੋ ਆਰਟਮੈਂਟ। 24 ਘੰਟੇ ਸਿਕਿਓਰਟੀ ਦੇ ਨਾਲ ਫੁਲੀ ਰੈਨੋਵੇਟਡ ਘਰ। ਜਿਸ ਵਿਚ ਮਾਸਟਰ ਬੈਡਰੂਮ, 4 ਪੀਸੀ ਵਾਸ਼ਰੂਮ ਇਨਸੂਟ ਹਨ। ਇਹ ਘਰ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ ਹਾਈਵੇ 410 ਦੇ ਨੇੜੇ ਹੈ।

BRAMPTON
Sold, $1,280,000
$ 1,199,905 Bramlea Rd./Bovaird Dr.
2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777

BRAMPTON
24 Youngstar Tr
Hwy 50/Cottrelle
2+1 ਬੈਡਰੂਮ, 3 ਵਾਸ਼ਰੂਮ ਦਾ ਬਹੁਤ ਹੀ ਵਧੀਆ ਘਰ। ਜਿਸ ਵਿਚ ਫਿਨਿਸ਼ਡ ਵਾਕ ਆਊਟ, ਬੇਸਮੈਂਟ, ਡਬਲ ਡੋਰ ਐਂਟਰੀ, ਹਾਰਡਵੁੱਡ ਫਲੋਰ, 2 ਫਰਿਜ, 2 ਡਰਾਇਰ, 2 ਸਟੋਵ, 2 ਵਾਸ਼ਰ ਹਾਈਵੇ ਹਨ। ਇਹ ਘਰ ਹਾਈਵੇ 50, 427, 407 ਦੇ ਨੇੜੇ ਸਥਿਤ ਹੈ ਤੇ ਨਾਲ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਹਨ। ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
416-371-7777

BRAMPTON
Sold, $ 1,130,000
34 Winterfold Dr
CREDITVIEW & BOVAIRD (MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।

Sold, $ 2.3 M
Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777

# ਦਿੱਲੀ ਵਿੱਚ ਕੁੜੀ ਉੱਤੇ ਤਸ਼ੱਦਦ ਨੂੰ ਜਥੇਦਾਰ ਅਕਾਲ ਤਖਤ ਨੇ ਸਮਾਜ ਦੇ ਮੱਥੇ ਉੱਤੇ ਕਲੰਕ ਕਿਹਾ

*** ਰਾਹੁਲ ਗਾਂਧੀ ਵੱਲੋਂ ਘਟਨਾ ਦੀ ਨਿੰਦਾ ਅਤੇ ਦੋਸ਼ੀਆਂ ਨੂੰ ਸਜ਼ਾ ਦੀ ਮੰਗ**



ਅੰਮ੍ਰਿਤਸਰ, 31 ਜਨਵਰੀ, (ਪੋਸਟ ਬਿਊਰੋ)- ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਗਿਆਨੀ ਹਰਪ੍ਰੀਤ ਸਿੰਘਨੇ ਦਿੱਲੀ ਵਿੱਚ 26 ਜਨਵਰੀ ਦੇ ਦਿਨ ਨੌਜਵਾਨ ਕੁੜੀ ਉੱਤੇ ਕੀਤੇ ਗਏ ਤਸ਼ੱਦਦ ਨੂੰ ਜ਼ੁਲਮ ਦੀ ਸਿਖ਼ਰ ਕਿਹਾਤੇ ਇਸ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੇ ਜਾਣ ਦੀ ਮੰਗ ਉੱਤੇ ਜ਼ੋਰ ਦਿੱਤਾ ਹੈ। ਇਹੋ ਜਿਹੇ ਸ਼ਬਦਾਂ ਦਾ ਪ੍ਰਗਟਾਵਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤਾ ਹੈ।

ਇਸ ਬਾਰੇ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਤੋਂ ਸ਼ਰਮਨਾਕ ਹੋਰ ਕੀ ਹੋ ਸਕਦਾ ਹੈ ਕਿ ਇਕ ਬੇਵੱਸ ਅਤੇ ਇਕੱਲੀ ਲੜਕੀ ਉੱਤੇ ਸਮੂਹਕ ਰੂਪ ਵਿਚ ਜ਼ੁਲਮ ਕੀਤਾ ਗਿਆ ਅਤੇ ਇਹ ਹੋਰ ਵੀ ਅਫ਼ਸੋਸਨਾਕ ਹੈ ਕਿ ਇਸ ਸ਼ਰਮਨਾਕ ਹਰਕਤ ਵਿਚ ਔਰਤਾਂ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਕੇਸ ਕੱਟਣ ਤੇ ਮੂੰਹ ਕਾਲਾ ਕਰਨ ਦੀ ਜੋ ਘਟੀਆ ਹਰਕਤ ਦੋਸ਼ੀਆਂ ਨੇ ਕੀਤੀ ਹੈ, ਇਹ ਸਮਾਜ ਦੇ ਮੱਥੇ ਉੱਤੇ ਕਲੰਕ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੇਂਦਰ ਦੀ ਭਾਜਪਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਦੋਸ਼ੀ ਕਿਸੇ ਹਾਲਤ ਵਿਚ ਬਖ਼ਸ਼ੇ ਨਹੀਂ ਜਾਣੇ ਚਾਹੀਦੇ ਤੇਹਰ ਦੋਸ਼ੀ ਦੀ ਪਛਾਣ ਕਰ ਕੇ ਉਨ੍ਹਾ ਸਾਰਿਆਂ ਨੂੰ ਕਰੜੀ ਸਜ਼ਾ ਦਿੱਤੀ ਜਾਵੇ। ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੇ ਇਸ ਕੇਸ ਦੀ ਜਾਂਚ ਲਈ ਦਿੱਲੀ ਸਿੱਖ ਮਿਸ਼ਨ ਦੇ ਅਧਿਕਾਰੀਆਂ ਦੀ ਡਿਊਟੀ ਲਾਈ ਹੈ ਤੇ ਉਨ੍ਹਾਂ ਦੀ ਰਿਪੋਰਟ ਦੇ ਮੁਤਾਬਕ ਅਗਲੀ ਕਾਰਵਾਈ ਕੀਤੀ ਜਾਵੇਗੀ ਤੇ ਪੀੜਤਾਂ ਦੀ ਮਦਦ ਕੀਤੀ ਜਾਵੇਗੀ।

ਇਸ ਦੌਰਾਨ ਸੀਨੀਅਰ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਇਸ ਘਟਨਾ ਬਾਰੇ ਟਵਿੱਟਰ ਉੱਤੇ ਲਿਖਿਆ ਕਿ ਕੁਝ ਲੋਕ ਔਰਤਾਂ ਨੂੰ ਇਨਸਾਨ ਹੀ ਨਹੀਂ ਸਮਝਦੇ। ਉਨ੍ਹਾਂ ਨੇ ਟਵੀਟ ਕਰ ਕੇ ਲਿਖਿਆ, '20 ਸਾਲ ਦੀ ਕੁੜੀ ਦੀ ਬੁਰੀ ਤਰ੍ਹਾਂ ਕੁੱਟਮਾਰ ਦਾ ਵੀਡੀਓ ਸਾਡੇ ਸਮਾਜ ਦਾ ਘਿਨੌਣਾ ਚਿਹਰਾ ਦਿਖਾਉਂਦਾ ਹੈ। ਇਹ ਕੌੜਾ ਸੱਚ ਹੈ ਕਿ ਕਈ ਲੋਕ ਔਰਤਾਂ ਨੂੰ ਇਨਸਾਨ ਨਹੀਂ ਸਮਝਦੇ। ਇਹ ਸ਼ਰਮਨਾਕ ਹੈ, ਇਸ ਦੇ ਦੋਸ਼ੀਆਂ ਨੂੰ ਸਾਹਮਣੇ ਲਿਆਉਣ ਦੀ ਜ਼ਰੂਰਤ ਹੈ।''

## ਵਤਨ ਵਾਪਸੀ ਤੋਂ ਇੱਕ ਦਿਨ ਪਹਿਲਾਂ ਨੌਜਵਾਨ ਦੀ ਡੁਬਈ ਵਿੱਚ ਮੌਤ

ਅਜਨਾਲਾ, 31 ਜਨਵਰੀ (ਪੋਸਟ ਬਿਊਰੋ)- ਤਹਿਸੀਲ ਅਜਨਾਲਾ ਨਾਲ ਸਬੰਧਤ 37 ਸਾਲਾ ਰਣਜੀਤ ਸਿੰਘ ਪੁੱਤਰ ਅਮਰ ਸਿੰਘ ਦਾ ਮ੍ਰਿਤਕ ਸਰੀਰ ਕੱਲ੍ਹ ਉਸ ਦੇ ਪਿੰਡ ਮੋਹਨ ਭੰਡਾਰੀਆਂ ਵਿਖੇ ਪੁੱਜਾ, ਜਿੱਥੇ ਪਰਵਾਰਕ ਮੈਂਬਰਾਂ ਵੱਲੋਂ ਗ਼ਮਗੀਨ ਮਾਹੌਲ ਵਿੱਚ ਮ੍ਰਿਤਕ ਦਾ ਅੰਤਮ ਸਸਕਾਰ ਕਰ ਦਿੱਤਾ ਗਿਆ।

ਇਸ ਮੌਕੇ ਸਮਾਜ ਸੁਧਾਰਕ ਡਾ. ਐਸ ਪੀ ਸਿੰਘ ਓਬਰਾਏ ਨੇ ਦਸਿਆ ਕਿ ਰਣਜੀਤ ਸਿੰਘ ਆਪਣੇ ਪਰਵਾਰ ਦੀ ਆਰਥਿਕ ਹਾਲਤ ਸੁਧਾਰਨ ਦੀ ਕੋਸ਼ਿਸ਼ ਵਿੱਚ ਕੁਝ ਵਰ੍ਹੇ ਪਹਿਲਾਂ ਦੁਬਈ ਵਿੱਚ ਮਜ਼ਦੂਰੀ ਕਰਨ ਗਿਆ ਸੀ। ਉਹ ਇੱਕ ਕੰਪਨੀ ਵਿੱਚ ਡਰਾਈਵਰ ਸੀ, ਪਰ ਕੋਰੋਨਾ ਕਾਰਨ ਬਣੇ ਹਾਲਾਤ ਵਿੱਚ ਉਸ ਦੀ ਕੰਪਨੀ ਨੇ ਕੰਮ ਤੋਂ ਜਵਾਬ ਦੇ ਦਿੱਤਾ, ਜਿਸ ਕਾਰਨ ਉਸ ਨੇ ਵਾਪਸ ਪੰਜਾਬ ਆਉਣ ਲਈ ਬੀਤੀ 18 ਜਨਵਰੀ ਦੀ ਟਿਕਟ ਖਰੀਦ ਲਈ, ਪਰ ਕੰਮ ਖੁੱਸਣ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਿਹਾ ਰਣਜੀਤ ਸਿੰਘ 16 ਜਨਵਰੀ ਨੂੰ ਅਚਾਨਕ ਚੱਕਰ ਖਾ ਕੇ ਜ਼ਮੀਨ ਉੱਤੇ ਡਿੱਗ ਪਿਆ, ਜਿਸ ਦੀ 17 ਜਨਵਰੀ ਨੂੰ ਹਸਪਤਾਲ ਵਿੱਚ ਦਿਮਾਗ ਦੀ ਨਾੜੀ ਫਟਣ ਕਾਰਨ ਮੌਤ ਹੋ ਗਈ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

ਖਿੜਕੀਆਂ ਅਤੇ ਦਰਵਾਜੇ ਲਗਵਾਓ
Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

## ਅੱਜ ਨਾਮਾ

ਰਹਿ ਗਿਆ ਦਿਨ ਅਖੀਰਲਾ ਜਦੋਂ ਬਾਕੀ,
ਪਰਚੇ ਭਰਨ ਨਿਕਲੇ ਉਮੀਦਵਾਰ ਬੇਲੀ।
ਬਹੁਤੀ ਭੀੜ ਲਿਜਾਣ ਦੀ ਆਗਿਆ ਨਹੀਂ,
ਕੁਝ ਕੁ ਮਿੱਤਰ ਜਾਂ ਨਾਲ ਪਰਵਾਰ ਬੇਲੀ।
ਲੁਕਵਾਂ ਅੰਦਰ ਨੂੰ ਕੋਈ ਜਦ ਜਾਣ ਲੱਗਾ,
ਚੋਣ ਅਧਿਕਾਰੀਆਂ ਦੀ ਖਾਊ ਮਾਰ ਬੇਲੀ।
ਤਾਂ ਹੀ ਖਬਰ ਅਖਬਾਰ ਵਿੱਚ ਜਦੋਂ ਆਵੇ,
ਲੀਡਰ ਨਾਲ ਨਹੀਂ ਲੋਕਾਂ ਦੀ ਡਾਰ ਬੇਲੀ।
ਜਿਹੜੀ ਮਹਿਫਲ ਰਹੀ ਸੱਜਦੀ ਚੋਣ ਮੌਕੇ,
ਉਹ ਵੀ ਨਜ਼ਰ ਨਾ ਕਿਤੇ ਹੈ ਆਈ ਬੇਲੀ।
ਚਸਕਾ ਪੂਰਨ ਲਈ ਡਾਢੇ ਪਿਆਕੜਾਂ ਦਾ,
ਚੱਲ ਪਈ ਘਰਾਂ ਦੇ ਤੱਕ ਸਪਲਾਈ ਬੇਲੀ।

**ਤੀਸ ਮਾਰ ਖਾਂ**

# ਸਭ ਤੋਂ ਬਜ਼ੁਰਗ ਉਮੀਦਵਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਨਾਮਜ਼ਦਗੀ ਕਾਗਜ਼ ਪੇਸ਼

### * ਮਜੀਠੀਆ ਦੀ ਪਤਨੀ ਗੁਨੀਵ ਕੌਰ ਨੇ ਮਜੀਠੇ ਤੋਂ ਕਾਗਜ਼ ਭਰੇ * ਮੁੱਖ ਮੰਤਰੀ ਚੰਨੀ, ਸੁਖਬੀਰ ਬਾਦਲ ਅਤੇ ਹੋਰਨਾਂ ਵੱਲੋਂ ਵੀ ਕਾਗਜ਼ ਪੇਸ਼

ਚੰਡੀਗੜ੍ਹ, 31 ਜਨਵਰੀ, (ਪੋਸਟ ਬਿਊਰੋ)- ਪੰਜਾਬ ਵਿੱਚ ਅੱਜ ਸੋਮਵਾਰ ਨੂੰ ਰਾਜ ਦੇ ਕਈ ਪ੍ਰਮੁੱਖ ਨੇਤਾਵਾਂ ਨੇ ਵਿਧਾਨ ਸਭਾ ਚੋਣਾਂ ਲਈ ਨਾਮਜ਼ਦਗੀ ਪੱਤਰਪੇਸ਼ ਕੀਤੇ ਹਨ। ਇਸ ਦੌਰਾਨ ਅਕਾਲੀ ਦਲ ਦੇ ਸਰਪ੍ਰਸਤ ਪ੍ਰਕਾਸ਼ ਸਿੰਘ ਬਾਦਲ ਨੇ ਲੰਬੀ ਵਿਧਾਨ ਸਭਾ ਹਲਕੇ ਤੋਂ ਆਪਣਾ ਨਾਮਜ਼ਦਗੀ ਪੱਤਰ ਦਾਖਲਕੀਤਾ ਤੇ ਉਹ ਭਾਰਤ ਵਿੱਚਚੋਣ ਲੜਨ ਵਾਲੇ ਸਭ ਤੋਂ ਬਜ਼ੁਰਗ ਉਮੀਦਵਾਰ ਬਣ ਗਏ ਦੱਸੇ ਜਾਂਦੇ ਹਨ।

ਇਸ ਸੰਬੰਧ ਵਿੱਚ ਅਧਿਕਾਰੀਆਂ ਨੇ ਦੱਸਿਆ ਕਿ ਪੰਜ ਵਾਰ ਪੰਜਾਬ ਦੇਮੁੱਖ ਮੰਤਰੀ ਰਹਿ ਚੁੱਕੇ ਪ੍ਰਕਾਸ਼ ਸਿੰਘ ਬਾਦਲ (94 ਸਾਲ)ਨੇ ਅੱਜ ਮੁਕਤਸਰ ਜ਼ਿਲ੍ਹੇ ਵਿੱਚ ਮਲੋਟ ਵਿਖੇ ਰਿਟਰਨਿੰਗ ਅਫ਼ਸਰ ਦੇ ਕੋਲ ਕਾਗਜ਼ੀ ਕਾਰਵਾਈ ਦੀ ਰਸਮ ਪੂਰੀ ਕੀਤੀ। ਇਹਕਾਰਵਾਈ ਮੁਕੰਮਲ ਕਰਨ ਦੇ ਨਾਲ ਪ੍ਰਕਾਸ਼ ਸਿੰਘ ਬਾਦਲ ਨੇ ਕੇਰਲ ਦੇ ਸਾਬਕਾ ਮੁੱਖ ਮੰਤਰੀ ਵੀਐਸ ਅਛੂਤਾਨੰਦਨ ਦਾ ਸਭ ਤੋਂ ਵੱਧ ਉਮਰ ਵਾਲੇ ਉਮੀਦਵਾਰ ਹੋਣ ਦਾ ਰਿਕਾਰਡ ਤੋੜ ਦਿੱਤਾ ਹੈ। ਵਰਨਣ ਯੋਗ ਹੈ ਕਿ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਨੇਤਾ ਅਛੂਤਾਨੰਦਨ 92 ਸਾਲ ਦੇ ਸਨ, ਜਦੋਂ ਉਨ੍ਹਾਂ ਨੇ 2016 ਦੀਆਂ ਵਿਧਾਨ ਸਭਾ ਚੋਣਾਂ ਲੜਨ ਲਈ ਆਪਣੇ ਨਾਮਜ਼ਦਗੀ ਕਾਗਜ਼ ਪੇਸ਼ ਕੀਤੇ ਸਨ।




ਵਿਧਾਨ ਸਭਾ ਚੋਣਾਂ ਲਈ ਨਾਮਜ਼ਦਗੀ ਪੱਤਰ ਪੇਸ਼ ਕਰਨ ਮੌਕੇ ਸਾਬਕਾ ਮੁੱਖ ਮੰਤਰੀ ਪਰਕਾਸ਼ ਸਿੰਘ ਬਾਦਲ (ਖੱਬੇ) ਅਤੇ ਮੌਜੂਦਾ ਮੱਖ ਮੰਤਰੀ ਚਰਨਜੀਤ ਸਿੰਘ ਚੰਨੀ (ਸੱਜੇ)।

ਅੱਜ ਹੀ ਪੰਜਾਬ ਦੇ ਇੱਕ ਹੋਰ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਪਟਿਆਲਾ ਸ਼ਹਿਰੀ ਵਿਧਾਨ ਸਭਾ ਹਲਕੇ ਤੋਂ ਵਿਧਾਨ ਸਭਾ ਚੋਣਾਂ ਲਈ ਨਾਮਜ਼ਦਗੀ ਪੱਤਰਪੇਸ਼ ਕੀਤੇ ਹਨ।ਇਸ ਮੌਕੇ ਕੈਪਟਨ ਅਮਰਿੰਦਰ ਸਿੰਘ ਦੇ ਨਾਲ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਦੇ ਚੋਣ ਇੰਚਾਰਜ ਗਜੇਂਦਰ ਸਿੰਘ ਸ਼ੇਖਾਵਤ ਮੌਜੂਦ ਸਨ।

ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਅੱਜ ਭਦੌੜ ਹਲਕੇ ਲਈ ਨਾਮਜ਼ਦਗੀ ਪੱਤਰਪੇਸ਼ ਕੀਤਾ। ਇਸ ਵਾਰ ਉਹ ਚਮਕੌਰ ਸਾਹਿਬ ਦੇ ਨਾਲਭਦੌੜ ਤੋਂ ਵੀ ਚੋਣ ਲੜ ਰਹੇ ਹਨ।ਇਸ ਬਾਰੇ ਚਰਨਜੀਤ ਸਿੰਘ ਚੰਨੀ ਨੇ ਆਪਣੇ ਅਧਿਕਾਰਤ ਟਵਿੱਟਰ ਹੈਂਡਲ ਤੋਂ ਨਾਮਜ਼ਦਗੀ ਪੱਤਰਪੇਸ਼ ਕਰਨ ਦੀ ਫੋਟੋ ਸ਼ੇਅਰ ਕਰਨ ਪਿੱਛੋਂ ਲਿਖਿਆ ਹੈ ਕਿ 'ਪੰਜਾਬ ਵਿਧਾਨ ਸਭਾ ਚੋਣਾਂ ਲਈ ਭਦੌੜ ਹਲਕੇ ਲਈ ਨਾਮਜ਼ਦਗੀ ਪੱਤਰ ਦਾਖਲ ਕੀਤਾ ਹੈ। ਮੈਂ ਇਸ ਹਲਕੇ ਦੇ ਲੋਕਾਂ ਦੇ ਸਹਿਯੋਗ ਤੇ ਅਸ਼ੀਰਵਾਦ ਦੀ ਮੰਗ ਕਰਦਾ ਹਾਂ। ਆਓ ਭਦੌੜ ਦੀ ਕਾਇਆ ਕਲਪ ਲਈ ਰਲ ਕੇ ਕੰਮ ਕਰੀਏ।'

ਇਸ ਦੌਰਾਨ ਅੰਮ੍ਰਿਤਸਰ ਜ਼ਿਲੇ ਦੇ ਮਜੀਠਾ ਵਿਧਾਨ ਸਭਾ ਹਲਕੇ ਤੋਂ ਅਕਾਲੀ ਦਲ ਤੇ ਬਹੁਜਨ ਸਮਾਜ ਪਾਰਟੀ ਵੱਲੋਂਸਾਂਝੀ ਉਮੀਦਵਾਰ ਵਜੋਂ ਸ੍ਰੀਮਤੀ ਗੁਨੀਵ ਕੌਰ ਪਤਨੀ ਸਾਬਕਾ ਮੰਤਰੀ ਵਿਧਾਇਕ ਬਿਕਰਮ ਸਿੰਘ ਮਜੀਠੀਆ ਨੇ ਆਪਣੇ ਕਾਗਜ਼ ਰਿਟਰਨਿੰਗ ਅਫਸਰ ਅਮਨਦੀਪ ਕੌਰ ਘੁੰਮਣ ਨੂੰ ਪੇਸ਼ ਕੀਤੇ ਹਨ। ਗਨੀਵ ਕੌਰ ਵੱਲੋਂਕਾਗਜ਼ ਭਰਨ ਦੇ ਨਾਲ ਇਹ ਚਰਚਾ ਵਧ ਗਈ ਕਿ ਬਿਕਰਮ ਸਿੰਘ ਮਜੀਠੀਆ ਇਸ ਵਾਰੀ ਮਜੀਠਾ ਜਾਂ ਅੰਮ੍ਰਿਤਸਰ ਪੂਰਬੀ ਦੋਵਾਂ ਵਿੱਚੋਂ ਇੱਕ ਸੀਟ ਛੱਡ ਕੇ ਸਿਰਫ ਅੰਮ੍ਰਿਤਸਰ ਪੂਰਬੀ ਹਲਕੇ ਤੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੇ ਖਿਲਾਫ ਚੋਣ ਦੀ ਸਿੱਧੀ ਟੱਕਰ ਦੇ ਸਕਦੇ ਹਨ।ਜਾਣਕਾਰ ਸੂਤਰਾਂ ਮੁਤਾ-ਬਕ ਗੁਨੀਵ ਕੌਰ ਨੇ ਮੁੱਖ ਉਮੀਦਵਾਰ ਵਜੋਂ ਕਾਗਜ਼ ਭਰੇ ਹਨ ਤੇ ਉਹ ਕਵਰਿੰਗ ਉਮੀਦਵਾਰ ਨਹੀਂ ਬਣਾਈ ਗਈ, ਜਿਸ ਤੋਂ ਲੱਗਦਾ ਹੈ ਕਿ ਬਿਕਰਮ ਸਿੰਘ ਮਜੀਠੀਆ ਆਪਣੀ ਮਜੀਠੇ ਵਾਲੀ ਸੀਟ ਛੱਡ ਕੇ ਸਿਰਫ ਅੰਮ੍ਰਿਤਸਰ ਪੂਰਬੀ ਦੀ ਇੱਕੋ ਸੀਟ ਤੋਂ ਚੋਣ ਲੜਨਗੇ ਅਤੇ ਨਵਜੋਤ ਸਿੰਘ ਸਿੱਧੂ ਨੂੰ ਸਿੱਧੀ ਟੱਕਰ ਦੇਣਗੇ ਅਤੇ ਉਨ੍ਹਾਂ ਦੀ ਧਰਮ ਪਤਨੀ ਮਜੀਠਾ ਹਲਕੇ ਤੋਂ ਚੋਣ ਲੜੇਗੀ।

ਦੂਸਰੇ ਪਾਸੇ ਅੱਜ ਹੀ ਹਲਕਾ ਜਲਾਲਾਬਾਦ ਤੋਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਚੋਣ ਲੜਨ ਲਈ ਨਾਮਜ਼ਦਗੀ ਪੱਤਰਪੇਸ਼ ਕੀਤਾ ਹੈ। ਸੁਖਬੀਰ ਸਿੰਘ ਬਾਦਲ ਇਸ ਸਮੇਂ ਫਿਰੋਜ਼ਪੁਰ ਤੋਂ ਪਾਰਲੀਮੈਂਟ ਮੈਂਬਰ ਹਨ। ਜਲਾਲਾਬਾਦ ਹਲਕੇ ਤੋਂ ਕਾਂਗਰਸਨੇ ਮੋਹਨ ਸਿੰਘ ਫਲੀਆਂਵਾਲਾ ਨੂੰ ਸੁਖਬੀਰ ਸਿੰਘ ਬਾਦਲ ਦੇ ਨਾਲ ਟੱਕਰ ਲੈਣ ਲਈ ਟਿਕਟ ਦਿੱਤੀ ਹੈ। ਸੁਖਬੀਰ ਸਿੰਘ ਬਾਦਲ ਨੇ ਆਪਣੀ ਪਤਨੀ ਹਰਸਿਮਰਤ ਕੌਰ ਬਾਦਲ ਨੂੰ ਇਸ ਸੀਟ ਤੋਂ ਕਵਰਿੰਗ ਉਮੀਦਵਾਰ ਬਣਾਇਆ ਹੈ। ਇਸ ਮੌਕੇ ਬਹੁਤ ਸਾਰੇ ਅਕਾਲੀ ਆਗੂ ਹਾਜ਼ਰ ਸਨ।

ਉਧਰ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਅਤੇ ਆਮ ਪਾਰਟੀ ਦੇ ਉਮੀਦਵਾਰ ਹਰਪਾਲ ਸਿੰਘ ਚੀਮਾ ਸਮੇਤ 7 ਹੋਰ ਉਮੀਦਵਾਰਾਂ ਨੇ ਦਿੜ੍ਹਬਾ ਰਿਜ਼ਰਵਹਲਕੇ ਕਾਗਜ਼ ਪੇਸ਼ ਕੀਤੇ ਹਨ।

ਤਰਨਤਾਰਨ ਜ਼ਿਲ੍ਹੇ ਦੇ 4 ਵਿਧਾਨ ਸਭਾ ਹਲਕਿਆਂ ਦੇ ਰਿਟਰਨਿੰਗ ਅਫ਼ਸਰਾਂ ਕੋਲ ਅੱਜ 20 ਹੋਰ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰਭਰੇ ਹਨ। ਇਨ੍ਹਾਂ ਵਿੱਚ ਤਰਨ-ਤਾਰਨ ਹਲਕੇ ਤੋਂ ਭਾਜਪਾ ਉਮੀਦਵਾਰ ਨਵਰੀਤ ਸਿੰਘ ਹੁੰਦਲ ਤੇ ਪ੍ਰੀਤਪਾਲ ਕੌਰ ਅਤੇ ਕਾਂਗਰਸ ਦੇ ਡਾ. ਧਰਮਬੀਰ ਅਗਨੀਹੋਤਰੀ ਦੇ ਨਾਲ ਆਮ ਆਦਮੀ ਪਾਰਟੀ ਵੱਲੋਂ ਡਾ. ਕਸ਼ਮੀਰ ਸਿੰਘ ਸੋਹਲ ਨੇ ਕਾਗਜ਼ ਭਰੇ ਹਨ। ਹਲਕਾ ਖੇਮਕਰਨ ਤੋਂ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਅਤੇ ਕਈ ਹੋਰਨਾਂ ਨੇ ਅਤੇ ਪੱਟੀ ਤੋਂ ਮੌਜੂਦਾ ਕਾਂਗਰਸੀ ਵਿਧਾਇਕ ਹਰਮਿੰਦਰ ਸਿੰਘ ਗਿੱਲ ਅਤੇ ਅਕਾਲੀ ਦਲ ਦੇ ਆਦੇਸ਼ ਪ੍ਰਤਾਪ ਸਿੰਘ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਹਨ।

## ਚਰਨਜੀਤ ਸਿੰਘ ਚੰਨੀ ਤੇ ਨਵਜੋਤ ਸਿੰਘ ਸਿੱਧੂ ਦੀ ਖਹਿਬਾਜ਼ੀ ਵਿਚਾਲੇ ਭਾਜਪਾ ਦਾ ਨਵਾਂ ਪੈਂਤੜਾ

### * ਅੰਮ੍ਰਿਤਸਰ ਪੂਰਬੀ ਜਨਰਲ ਸੀਟ ਉੱਤੇ ਦਲਿਤ ਉਮੀਦਵਾਰ ਲਿਆਂਦਾ

ਚੰਡੀਗੜ੍ਹ, 31 ਜਨਵਰੀ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਵੱਲੋਂ ਮੁੱਖ ਮੰਤਰੀ ਦਾ ਚਿਹਰਾ ਐਲਾਨੇ ਜਾਣ ਤੋਂ ਪਹਿਲਾਂ ਅੰਦਰੋਂ ਅੰਦਰੀ ਮੁੱਖ ਮੰਤਰੀ ਚਰਨਜੀਤ ਚੰਨੀ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਆਪਸੀ ਖਹਿਬਾਜ਼ੀਦੌਰਾਨ ਭਾਜਪਾ ਇਸ ਵਿੱਚ ਆਪਣਾ ਦਾਅ ਲਾਉਣ ਚੱਲੀ ਹੈ।

ਵਰਨਣ ਯੋਗ ਹੈ ਕਿ ਨਵਜੋਤ ਸਿੰਘ ਸਿੱਧੂ ਆਖ ਚੁੱਕੇ ਹਨ ਕਿ ਵਿਰੋਧੀ ਧਿਰ ਦੀਆਂਪਾਰਟੀਆਂ ਇਸ ਕਰ ਕੇ ਘਟੀਆ ਸਿਆਸਤਕਰ ਰਹੀਆਂ ਹਨ ਕਿ ਕਾਂਗਰਸ ਪਾਰਟੀਕਿਤੇ ਨਵਜੋਤ ਸਿੱਧੂ ਨੂੰ ਮੁੱਖ ਮੰਤਰੀ ਚਿਹਰਾ ਨਾ ਐਲਾਨ ਕਰ ਦੇਵੇ। ਦੂਸਰੇ ਪਾਸੇ ਕਾਂਗਰਸੀ ਆਗੂ ਰਾਹੁਲ ਗਾਂਧੀ ਖੁਦ ਪੰਜਾਬ ਦੌਰੇ ਦੌਰਾਨ ਆਖ ਚੁੱਕੇ ਹਨ ਕਿ ਮੁੱਖ ਮੰਤਰੀ ਦਾ ਚਿਹਰਾ ਜਲਦੀ ਹੀ ਐਲਾਨ ਕੀਤਾ ਜਾਵੇਗਾ। ਇਸ ਦੌਰਾਨ ਅੰਮ੍ਰਿਤਸਰ ਪੂਰਬੀ ਹਲਕੇ ਤੋਂ ਨਵਜੋਤ ਸਿੰਘ ਸਿੱਧੂ ਵਿਰੁੱਧ ਅਕਾਲੀ ਉਮੀਦਵਾਰ ਬਿਕਰਮ ਸਿੰਘ ਮਜੀਠੀਆ ਨੇ ਕਾਗਜ਼ ਭਰ ਦਿੱਤੇ ਹਨ, ਜਿਸ ਕਰ ਕੇ ਇਸ ਹਲਕੇ ਦੀ ਸਿਆਸੀ ਜੰਗ ਦਿਲਚਸਪ ਬਣ ਗਈ ਹੈ। ਸਿਆਸੀ ਹਲਕੇ ਆਖਦੇ ਹਨ ਕਿ ਭਾਜਪਾ ਵੱਲੋਂ ਅੰਮ੍ਰਿਤਸਰ ਪੂਰਬੀ ਦੀ ਏਸੇ ਜਰਨਲ ਸੀਟ ਤੋਂ ਦਲਿਤ ਚਿਹਰੇ ਡਾਕਟਰ ਜਗਮੋਹਨ ਸਿੰਘ ਰਾਜੂ ਨੂੰ ਉਮੀਦਵਾਰ ਬਣਾਉਣ ਦੀ ਜ਼ਰੂਰ ਕੋਈ ਖਾਸ ਵਜ੍ਹਾ ਹੈ। ਭਾਜਪਾ ਨੇ ਡਾਕਟਰ ਰਾਜੂ ਨੰ ਰਾਤੋ-ਰਾਤ ਸਰਕਾਰੀ ਨੌਕਰੀ ਤੋਂ ਅਸਤੀਫਾ ਦਿਵਾ ਕੇ ਚੋਣ ਮੈਦਾਨ ਵਿੱਚ ਉਤਾਰਿਆ ਹੈ। ਉਹ ਤਾਮਿਲ ਨਾਡੂ ਵਿੱਚ ਐਡੀਸ਼ਨਲ ਮੁੱਖ ਸਕੱਤਰ ਸਨ।

ਜਾਣਕਾਰ ਸੂਤਰ ਆਖਦੇ ਹਨ ਕਿ ਭਾਜਪਾ ਸਮਝਦੀ ਹੈ ਕਿ ਬਿਕਰਮ ਸਿੰਘ ਮਜੀਠੀਆ ਨੂੰ ਇਸ ਸ਼ਹਿਰੀ ਹਲਕੇ ਤੋਂ ਵੋਟ ਨਹੀਂ ਮਿਲਣਗੇ ਤੇ ਚਰਨਜੀਤ ਸਿੰਘ ਚੰਨੀ ਦੀ ਅੰਦਰੋਂ ਨਵਜੋਤ ਸਿੰਘ ਸਿੱਧੂ ਨਾਲ ਅਣਬਣ ਹੋਣ ਕਰ ਕੇ ਇਸ ਹਲਕੇ ਦੀ ਦਲਿਤ ਵੋਟ ਇੱਕੋ ਇਸ਼ਾਰੇ ਉੱਤੇ ਭਾਜਪਾ ਦੇ ਦਲਿਤ ਭਾਈਚਾਰੇ ਨਾਲ ਸੰਬੰਧਤ ਉਮੀਦਵਾਰ ਡਾਕਟਰ ਰਾਜੂ ਦੇ ਪੱਖ ਵਿੱਚ ਭੁਗਤ ਸਕਦੀ ਹੈ। ਭਾਵੇਂ ਭਾਜਪਾ ਦੀ ਇਹ ਗਿਣਤੀ-ਮਿਣਤੀ ਸਿਰੇ ਨਾ ਵੀ ਚੜ੍ਹ ਸਕੇ, ਪਰ ਚਰਨਜੀਤ ਸਿੰਘ ਚੰਨੀ ਦਾ ਅੰਦਰਖਾਤੇ ਕੀਤਾ ਇੱਕ ਇਸ਼ਾਰਾ ਵੀ ਨਵਜੋਤ ਸਿੰਘ ਸਿੱਧੂ ਉੱਤੇ ਭਾਰੂ ਪੈ ਸਕਦਾ ਹੈ।ਸਿਆਸੀ ਮਾਹਰਾਂ ਦੇ ਮੁਤਾਬਕ ਬਹੁਤ ਘੱਟ ਵਾਰ ਕਿਸੇ ਜਨਰਲ ਸੀਟ ਤੋਂ ਦਲਿਤ ਵਰਗ ਦੇ ਵਿਅਕਤੀ ਨੂੰ ਉਮੀਦਵਾਰ ਬਣਾਇਆ ਜਾਂਦਾ ਹੈ। ਇਸ ਵੇਲੇ ਨਵਜੋਤ ਸਿੰਘ ਸਿੱਧੂ ਦੇ ਖਿਲਾਫ ਸਿਆਸੀ ਘੇਰਾਬੰਦੀ ਵਧ ਜਾਣ ਕਰ ਕੇ ਉਸ ਨੂੰ ਬਹੁਤਾ ਸਮਾਂ ਆਪਣੇ ਹਲਕੇ ਵਿੱਚ ਦੇਣਾ ਪੈ ਸਕਦਾ ਹੈ। ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੀ ਕਹਿੰਦੇ ਹਨ ਕਿ ਨਵਜੋਤ ਸਿੰਘ ਸਿੱਧੂ ਨੂੰ ਜਿੱਤਣ ਨਹੀਂ ਦੇਣਗੇ। ਇਹੋ ਗੱਲ ਬਿਕਰਮ ਸਿੰਘ ਮਜੀਠੀਆ ਵੀ ਆਖ ਰਹੇ ਹਨ।ਕਾਂਗਰਸ ਲਈ ਸਮੱਸਿਆ ਹੈ ਕਿ ਉਹ ਦਲਿਤ ਵੋਟ ਬੈਂਕ ਦੇ ਕਾਰਨ ਚਰਨਜੀਤ ਚੰਨੀ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੁੰਦੀ ਅਤੇ ਨਾਲ ਹੀ ਜੱਟ ਵੋਟ ਬੈਂਕ ਕਰਕੇ ਸਿੱਧੂ ਨੂੰ ਅੱਖੋਂ ਪਰੋਖੇ ਕਰਨ ਦਾ ਜੋਖਮ ਵੀ ਨਹੀਂ ਉਠਾ ਸਕਦੀ।

## ਬਲਵੰਤ ਸਿੰਘ ਰਾਜੋਆਣਾ ਵੱਲੋਂ ਅਕਾਲੀ ਦਲ ਦੇ ਸਮਰਥਨ ਦਾ ਸੱਦਾ

### * ਮੈਂ ਚਾਹੁੰਦਾ ਹਾਂ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣੇ

ਲੁਧਿਆਣਾ, 31 ਜਨਵਰੀ, (ਪੋਸਟ ਬਿਊਰੋ)- ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਵਾਲੇ ਕਤਲ ਕੇਸ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇਬਲਵੰਤ ਸਿੰਘ ਰਾਜੋਆਣਾਆਪਣੇ ਪਿਤਾ ਦੀ ਮੌਤ ਤੋਂ ਬਾਅਦਅੱਜ ਉਨ੍ਹਾਂ ਦੇ ਭੋਗ ਮੌਕੇ ਹਾਜ਼ਰ ਹੋਣ ਲਈ ਸਖਤ ਸੁਰੱਖਿਆ ਹੇਠ ਲੁਧਿਆਣਾ ਵਿਚਲੇ ਗੁਰਦੁਆਰਾ ਸਾਹਿਬ ਲਿਆਂਦੇ ਗਏ। ਇਸ ਮੌਕੇ ਬਲਵੰਤ ਸਿੰਘ ਰਾਜੋਆਣਾ ਨੇ ਕਾਂਗਰਸ ਪਾਰਟੀ ਉੱਤੇ ਨਿਸ਼ਾਨਾ ਲਾਇਆਅਤੇ ਕਿਹਾ ਕਿ ਦਰਬਾਰ ਸਾਹਿਬ ਉੱਤੇ ਹਮਲਾ ਕਰਨ ਵਾਲੀ ਕਾਂਗਰਸ ਦਾ ਰਾਜ-ਭਾਗ ਖਾਲਸਾ ਪੰਥ ਦੇ ਮੱਥੇ ਉਪਰ ਕਲੰਕ ਹੈ।



ਬਲਵੰਤ ਸਿੰਘ ਰਾਜੋਆਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਥ ਦੀ ਨੁਮਾਇੰਦਗੀ ਕਰਨ ਵਾਲੀ ਇਕੱਲੀ ਸੰਸਥਾ ਹੈ। ਇਸ ਦੇ ਨਾਲ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਹੱਥਹੋਰ ਮਜ਼ਬੂਤ ਕਰਨ ਨੂੰ ਸਮੇਂ ਦੀ ਲੋੜ ਕਿਹਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮੇਰੀ ਰੂਹ ਅਕਾਲੀ, ਮੇਰਾ ਦਿਲ ਅਕਾਲੀ ਅਤੇ ਮੈਂ ਖੁਦ ਵੀ ਅਕਾਲੀ ਹਾਂ।

ਇਸ ਦੇ ਬਾਅਦ ਬਲਵੰਤ ਸਿੰਘ ਰਾਜੋਆਣਾ ਦੇ ਇਸ ਬਿਆਨ ਨੂੰ ਲੈ ਕੇ ਕਾਂਗਰਸ ਮੈਂਬਰ ਪਾਰਲੀਮੈਂਟ ਰਵਨੀਤ ਬਿੱਟੂ ਨੇ ਤਿੱਖਾ ਹਮਲਾ ਕੀਤਾ ਅਤੇ ਕਿਹਾ ਕਿ ਅਜਿਹੇ ਬਿਆਨਾਂ ਕਾਰਨ ਅਜਿਹੇ ਲੋਕਜੇਲ੍ਹ ਵਿੱਚ ਰਹਿਣੇ ਚਾਹੀਦੇ ਹਨ, ਬਾਹਰ ਆਉਂਦੇ ਸਾਰ ਰਾਜੋਆਣਾ ਨੇ ਨਫਰਤ ਫੈਲਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਬਾਦਲਾਂ ਦਾ ਖਾੜਕੂਆਂ ਨਾਲ ਸਬੰਧ ਹੈ ਅਤੇ ਬਲਵੰਤ ਸਿੰਘ ਰਾਜੋਆਣਾ ਅਤੇ ਬਾਦਲਾਂ ਦੇ ਲਿੰਕ ਦੀ ਜਾਂਚ ਹੋਣੀ ਚਾਹੀਦੀ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NEED A LAWYER ??
Red Seal NOTARY
KAUR LAW OFFICE
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
FAMILY LAWYER
• Child & Spousal support
• Custody & Access
• Divorce
• Equalization
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
MANJEET KAUR
LL.B., (London UK)
Barrister, Solicitor & Notary Public
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
• ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
• ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
• ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
• ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post


Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer** Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਲੋਕਤੰਤਰ ਦੇ ਬਹਾਨੇ ਅਕਲ ਨੂੰ ਗੋਤੇ ਦੇਣ ਵਾਲਾ ਮੌਕਾ ਫਿਰ ਆ ਗਿਐ, ਪਰ ਇਸ ਤੋਂ ਨਿਕਲੇਗਾ ਕੀ ...





ਜਤਿੰਦਰ ਪੰਨੂ

ਚਲੰਤ ਸਾਲ ਦੇ ਪਹਿਲੇ ਚੋਣ-ਚੱਕਰ ਵਿੱਚ ਭਾਵੇਂ ਪੰਜ ਰਾਜਾਂ ਵਿੱਚ ਚੋਣਾਂ ਹੋਣੀਆਂ ਹਨ, ਸਾਡੇ ਪੰਜਾਬੀਆਂ ਲਈ ਸਭ ਤੋਂ ਵੱਧ ਅਹਿਮ ਚੋਣ ਪੰਜਾਬ ਦੀ ਹੈ। ਇਸ ਦੇ ਲਈ ਜਿੰਨੀਆਂ ਧਿਰਾਂ ਦਾ ਖਿਲਾਰਾ ਇਸ ਵਾਰੀ ਪੈ ਚੁੱਕਾ ਹੈ ਤੇ ਹਾਲੇ ਹੋਰ ਪਈ ਜਾਂਦਾ ਹੈ, ਓਨਾ ਖਿਲਾਰਾ ਅੱਜ ਤੱਕ ਪਹਿਲਾਂ ਸ਼ਾਇਦ ਕਦੀ ਨਹੀਂ ਪਿਆ ਹੋਣਾ। ਸਪੱਸ਼ਟ ਮੋਰਚੇ ਵਜੋਂ ਪੰਜਾਬ ਵਿੱਚ ਇਸ ਵੇਲੇ ਰਾਜ ਕਰਦੀ ਕਾਂਗਰਸ ਪਾਰਟੀ ਇੱਕ ਹੈ, ਇਸ ਵੇਲੇ ਦੀ ਵਿਰੋਧੀ ਧਿਰ ਆਮ ਆਦਮੀ ਪਾਰਟੀ ਉਸ ਨੂੰ ਚੁਣੌਤੀ ਦੇਣ ਵਾਲੀ ਦੂਸਰੀ ਅਤੇ ਮੁੱਖ ਧਿਰ ਬਣੀ ਜਾਪਦੀ ਹੈ, ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦਾ ਗੱਠਜੋੜ ਤੀਸਰੀ ਧਿਰ ਵਜੋਂ ਬਾਕੀਆਂ ਤੋਂ ਪਹਿਲਾਂ ਮੈਦਾਨ ਵਿੱਚ ਆ ਗਿਆ ਸੀ। ਕਾਂਗਰਸ ਦੀ ਲੀਡਰੀ ਛੱਡ ਕੇ ਵੱਖਰੀ ਪੰਜਾਬ ਲੋਕ ਕਾਂਗਰਸ ਬਣਾਉਣ ਵਾਲੇ ਕੈਪਟਨ ਅਮਰਿੰਦਰ ਸਿੰਘ ਦਾ ਗੱਠਜੋੜ ਭਾਰਤੀ ਜਨਤਾ ਪਾਰਟੀ ਤੇ ਅਕਾਲੀਆਂ ਤੋਂ ਵੱਖ ਹੋਏ ਸੁਖਦੇਵ ਸਿੰਘ ਢੀਂਡਸਾ ਦੇ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਨਾਲ ਜੋੜ ਕੇ ਬਣਿਆ ਹੈ। ਇਸ ਧਿਰ ਬਾਰੇ ਗੱਲ ਭਾਵੇਂ ਕੈਪਟਨ ਅਮਰਿੰਦਰ ਸਿੰਘ ਦਾ ਨਾਂਅ ਲੈ ਕੇ ਸ਼ੁਰੂ ਹੁੰਦੀ ਹੈ, ਅਮਲ ਵਿੱਚ ਇਸ ਗੱਠਜੋੜ ਦੀ ਅਗਵਾਈ ਭਾਜਪਾ ਦੇ ਲੀਡਰਾਂ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਦੇ ਹੱਥ ਹੈ ਅਤੇ ਕੈਪਟਨ ਅਮਰਿੰਦਰ ਸਿੰਘ ਤੇ ਸੁਖਦੇਵ ਸਿੰਘ ਢੀਂਡਸਾ ਐਵੇਂ ਕਾਰਿੰਦੇ ਜਿਹੇ ਬਣੇ ਜਾਪਦੇ ਹਨ। ਉਨ੍ਹਾਂ ਦੀ ਆਪਣੀ ਸਥਿਤੀ ਉਨ੍ਹਾਂ ਦੀ ਆਪਣੀ ਸਿਆਸੀ ਲੋੜ ਮੁਤਾਬਕ ਹੋਣ ਦੀ ਥਾਂ ਭਾਜਪਾ ਦੀ ਲੰਮੇ ਸਮੇਂ ਵਾਲੀ ਸੋਚ ਦੀ ਮੁਥਾਜ ਹੋ ਗਈ ਹੈ, ਜਿਸ ਵਿੱਚ ਭਾਰਤ ਨੂੰ ਇੱਕ ਖਾਸ ਧਰਮ ਦੀ ਅਗਵਾਈ ਵਾਲਾ ਦੇਸ਼ ਬਣਾਉਣ ਦੀਆਂ ਗੱਲਾਂ ਅਸੀਂ ਚਿਰਾਂ ਤੋਂ ਸੁਣਦੇ ਰਹੇ ਹਾਂ। ਆਪਣੀ ਸਿਆਸੀ ਹੋਂਦ ਬਚਾਉਣ ਦੀ ਮਜਬੂਰੀ ਨੇ ਇਨ੍ਹਾਂ ਦੋਵਾਂ ਲੀਡਰਾਂ ਦਾ ਕੱਦ ਚੋਖਾ ਬੌਣਾ ਕਰ ਦਿੱਤਾ ਹੈ ਤੇ ਹਾਲੇ ਹੋਰ ਕਰ ਦੇਣਾ ਹੈ। ਇਨ੍ਹਾਂ ਸਾਰਿਆਂ ਤੋਂ ਬਿਨਾ ਇੱਕ ਮੋਰਚਾ ਕਿਸਾਨਾਂ ਦੇ ਇੱਕ ਸਾਲ ਤੋਂ ਵੱਧ ਸਮਾਂ ਚੱਲਦੇ ਰਹੇ ਸੰਘਰਸ਼ ਦੀ ਅਗਵਾਈ ਕਰ ਚੁੱਕੇ ਆਗੂਆਂ ਨੇ ਬਣਾਇਆ ਹੈ। ਜਿੰਦਾਂ ਦਾ ਮੋਰਚਾ ਉਹ ਚਾਹੁੰਦੇ ਸਨ, ਓਦਾਂ ਦਾ ਬਣ ਨਹੀਂ ਸਕਿਆ, ਪਰ ਚੋਣ ਮੈਦਾਨ ਵਿੱਚ ਹਨ।

ਚੋਣ ਮੈਦਾਨ ਵਿੱਚ ਜਿਸ ਤਰ੍ਹਾਂ ਆਮ ਕਰ ਕੇ ਮੁੱਦਿਆਂ ਦੀ ਬਹਿਸ ਹੁੰਦੀ ਸੁਣਿਆ ਕਰਦੇ ਸਾਂ, ਭਾਵੇਂ ਕੁਝ ਆਗੂ ਲੀਹ ਤੋਂ ਹਟ ਕੇ ਓਦੋਂ ਵੀ ਨਿੱਜੀ ਦੂਸ਼ਣਬਾਜ਼ੀ ਕਰੀ ਜਾਂਦੇ ਹੁੰਦੇ ਸਨ, ਇਸ ਵਾਰੀ ਉਸ ਤਰ੍ਹਾਂ ਦੀ ਬਹਿਸ ਹੋਣ ਦਾ ਕੋਈ ਸਬੱਬ ਬਣਦਾ ਨਹੀਂ ਦਿੱਸਦਾ। ਇਸ ਦਾ ਕਾਰਨ ਅਸੀਂ ਜਾਣਨ ਦਾ ਯਤਨ ਕੀਤਾ ਤਾਂ ਪਤਾ ਲੱਗਾ ਕਿ ਆਮ ਆਦਮੀ ਪਾਰਟੀ ਦੇ ਸਿਵਾ ਬਾਕੀ ਸਭ ਧਿਰਾਂ ਵਿੱਚ ਉਹੋ ਜਿਹੇ ਧੰਦੇ ਕਰਨ ਵਾਲੇ ਆਗੂ ਟਿਕਟਾਂ ਲੈਣ ਵਿੱਚ ਸਫਲ ਹੋ ਗਏ ਹਨ, ਜਿਨ੍ਹਾਂ ਬਾਰੇ ਬੀਤੇ ਪੰਜ ਸਾਲ ਦੁਹਾਈ ਪੈਂਦੀ ਸੁਣਦੇ ਰਹੇ ਸਾਂ। ਜਿਨ੍ਹਾਂ ਦੇ ਵਿਰੁੱਧ ਕਾਂਗਰਸ ਦਾ ਪ੍ਰਧਾਨ ਬਣ ਕੇ ਨਵਜੋਤ ਸਿੰਘ ਸਿੱਧੂ ਨੇ ਦੁਹਾਈ ਪਾਈ ਸੀ, ਜਦੋਂ ਉਹ ਵੀ ਉਸੇ ਨਵਜੋਤ ਸਿੰਘ ਸਿੱਧੂ ਦੇ ਆਸ਼ੀਰਵਾਦ ਨਾਲ ਟਿਕਟ ਲੈਣ ਵਿੱਚ ਕਾਮਯਾਬ ਹੋ ਗਏ ਹਨ ਤਾਂ ਅਕਾਲੀ ਆਗੂਆਂ ਜਾਂ ਭਾਜਪਾ ਵਾਲਿਆਂ ਨੂੰ ਕੁਝ ਕਹਿਣ ਦਾ ਅਰਥ ਹੀ ਨਹੀਂ। ਜਿਹੜੇ ਆਮ ਆਦਮੀ ਪਾਰਟੀ ਵਾਲੇ ਕੱਛਾਂ ਵਜਾਉਂਦੇ ਸਨ ਕਿ ਉਨ੍ਹਾਂ ਦੀ ਦਿੱਖ ਉੱਤੇ ਦਾਗ ਨਹੀਂ, ਇਸ ਵਾਰੀ ਉਨ੍ਹਾਂ ਵੱਲੋਂ ਵੀ ਦਸ ਕੁ ਫੀਸਦੀ ਏਦਾਂ ਦੇ ਉਮੀਦਵਾਰ ਚੋਣ ਲੜਦੇ ਨਜ਼ਰ ਪੈਂਦੇ ਹਨ, ਜਿਨ੍ਹਾਂ ਬਾਰੇ ਘਰ-ਘਰ ਚਰਚੇ ਚੱਲਦੇ ਸਨ ਤੇ ਚੋਣਾਂ ਮੌਕੇ ਵੀ ਚੱਲਣ ਤੋਂ ਨਹੀਂ ਹਟਦੇ। ਪਿੱਛੇ ਆਉਂਦੀ ਧਾੜ ਚੰਗੀ ਨਾ ਹੋਵੇ ਤਾਂ ਸਿਰਫ ਆਗੂ ਚੰਗਾ ਹੋਣਾ ਕਾਫੀ ਨਹੀਂ ਹੁੰਦਾ।

ਇੱਕ ਗੱਲ ਹੈਰਾਨੀ ਵਾਲੀ ਇਹ ਹੈ ਕਿ ਹਰ ਕੋਈ ਆਮ ਲੋਕਾਂ ਨੂੰ ਇਹ ਕਹਿੰਦਾ ਹੈ ਕਿ ਉਹ ਵਾਅਦੇ ਨਿਭਾਉਣ ਵਿੱਚ ਕਸਰ ਨਹੀਂ ਛੱਡਣਗੇ ਤੇ ਲੋਕਾਂ ਨੂੰ ਧੋਖਾ ਨਹੀਂ ਦੇਣਗੇ, ਪੂਰੀ ਵਫਾਦਾਰੀ ਦਾ ਸਬੂਤ ਦੇਣਗੇ। ਜਦੋਂ ਹਰ ਇੱਕ ਧਿਰ ਨੇ ਉਨ੍ਹਾਂ ਲੋਕਾਂ ਨੂੰ ਟਿਕਟਾਂ ਦੇ ਦਿੱਤੀਆਂ ਹਨ, ਜਿਹੜੇ ਆਪਣੀਆਂ ਪਹਿਲੀਆਂ ਰਾਜਸੀ ਪਾਰਟੀਆਂ ਨਾਲ ਵਫਾ ਨਹੀਂ ਕਰ ਸਕੇ ਤੇ ਚੋਣਾਂ ਮੌਕੇ ਟਿਕਟ ਨਾ ਮਿਲੀ ਤਾਂ ਦੂਸਰੀ ਪਾਰਟੀ ਦੇ ਦਰਵਾਜ਼ੇ ਮੂਹਰੇ ਜਾ ਕੇ ਲੇਟਣ ਲੱਗੇ ਸਨ ਤਾਂ ਉਹ ਲੋਕਾਂ ਦੀ ਵਫਾਦਾਰੀ ਕਿੰਨੀ ਨਿਭਾਉਣਗੇ, ਇਸ ਦਾ ਕੋਈ ਭਰੋਸਾ ਨਹੀਂ। ਕੱਲ੍ਹ ਦਾ ਅਕਾਲੀ ਅੱਜ ਕਾਂਗਰਸ ਵੱਲ ਤੇ ਕਾਂਗਰਸ ਵਿੱਚ ਪਿਛਲੇ ਪੰਜ ਸਾਲ ਮਲਾਈ ਚੱਟਣ ਵਾਲਾ ਅੱਜ ਅਕਾਲੀ ਦਲ ਜਾਂ ਭਾਜਪਾ ਵਿੱਚ ਜਾਣ ਲੱਗਾ ਪੰਜ ਮਿੰਟ ਵੀ ਨਹੀਂ ਲਾਉਂਦਾ। ਕਈ ਆਗੂ ਸਵੇਰੇ ਇੱਕ ਪਾਰਟੀ ਦੇ ਦਰਵਾਜ਼ੇ ਅੱਗੇ ਟਿਕਟ ਦੀ ਝਾਕ ਵਿੱਚ ਖੜੇ ਸਨ ਤੇ ਦੁਪਹਿਰ ਢਲਦੀ ਨੂੰ ਦੂਸਰੀ ਪਾਰਟੀ ਦੇ ਦਫਤਰ ਮੂਹਰੇ ਜਾ ਬੈਠੇ ਸਨ। ਇਹ ਆਗੂ ਭਰੋਸੇ ਦੇ ਕਾਬਲ ਨਹੀਂ ਹੋ ਸਕਦੇ।

ਕੱਪੜਿਆਂ ਵਾਂਗ ਪਾਰਟੀਆਂ ਬਦਲਣ ਦੇ ਮਾਹਰ ਇਨ੍ਹਾਂ ਲੀਡਰਾਂ ਵੱਲੋਂ ਆਮ ਲੋਕਾਂ ਨਾਲ ਕੀਤੇ ਵਾਅਦੇ ਵੀ ਬਦਲ ਜਾਂਦੇ ਹਨ ਤੇ ਲੋਕ ਜਦੋਂ ਹੱਥਾਂ ਵਿੱਚ ਫੜੇ ਮੋਬਾਈਲ ਫੋਨ ਚਲਾ ਕੇ ਉਨ੍ਹਾਂ ਦਾ ਪਿਛਲਾ ਵਾਅਦਾ ਚੇਤੇ ਕਰਨ ਲਈ ਕਹਿੰਦੇ ਹਨ ਤਾਂ ਉਨ੍ਹਾਂ ਨੂੰ ਕਦੇ ਸ਼ਰਮ ਨਹੀਂ ਆਉਂਦੀ। ਰਾਜਨੀਤੀ ਦਾ ਬੜਾ ਨੀਵਾਂ ਪੱਧਰ ਇਸ ਵਾਰੀ ਦੇਖਣ ਨੂੰ ਮਿਲ ਰਿਹਾ ਹੈ। ਇਸ ਪੱਧਰ ਨੂੰ ਢੱਕਣ ਲਈ ਹਰ ਪਾਰਟੀ ਇਸ ਮੁਕਾਬਲੇ ਵਿੱਚ ਪੈ ਤੁਰੀ ਹੈ ਕਿ ਸਾਡੀ ਸਰਕਾਰ ਆਈ ਤਾਂ ਅਸੀਂ ਲੋਕਾਂ ਨੂੰ ਫਲਾਣੀ-ਫਲਾਣੀ ਸਹੂਲਤ ਮੁਫਤ ਕਰ ਦਿਆਂਗੇ। ਇੱਕ ਵਕੀਲ ਨੇ ਇਸ ਵਰਤਾਰੇ ਦੇ ਵਿਰੋਧ ਲਈ ਸੁਪਰੀਮ ਕੋਰਟ ਵਿੱਚ ਅਰਜ਼ੀ ਦਾਇਰ ਕਰ ਦਿੱਤੀ ਹੈ ਕਿ ਚੋਣਾਂ ਹੋਣ ਤੋਂ ਵੀ ਪਹਿਲਾਂ ਸਰਕਾਰੀ ਫੰਡਾਂ ਵਿੱਚੋਂ ਇਸ ਤਰ੍ਹਾਂ ਮੁਫਤ ਸਹੂਲਤਾਂ ਦੇਣ ਦੇ ਐਲਾਨ ਕਰਨੇ ਇਖਲਾਕ ਤੋਂ ਗਿਰੀ ਗੱਲ ਹੈ ਅਤੇ ਇਸ ਉੱਤੇ ਰੋਕ ਲੱਗਣੀ ਚਾਹੀਦੀ ਹੈ। ਉਸ ਨੇ ਅਰਜ਼ੀ ਵਿੱਚ ਇਹ ਵੀ ਲਿਖਿਆ ਹੈ ਕਿ ਇਹੋ ਜਿਹੇ ਵਾਅਦਿਆਂ ਨੂੰ ਪੂਰਾ ਕਰਨ ਲਈ ਜਿੰਨਾ ਮੋਟਾ ਫੰਡ ਚਾਹੀਦਾ ਹੈ, ਓਨਾ ਪੰਜਾਬ ਦੇ ਬੱਜਟ ਵਿੱਚੋਂ ਪ੍ਰਬੰਧ ਹੀ ਨਹੀਂ ਕੀਤਾ ਜਾਣਾ। ਅਰਜ਼ੀ ਦੇਣ ਵਾਲੇ ਨੇ ਸੁਪਰੀਮ ਕੋਰਟ ਨੂੰ ਕਿਹਾ ਕਿ ਵਾਅਦਿਆਂ ਵਿੱਚ ਇਸ ਤਰ੍ਹਾਂ ਵਧੀ ਜਾਂਦੀ ਮੁਕਾਬਲੇਬਾਜ਼ੀ ਵਿੱਚ ਕੋਈ ਪਾਰਟੀ ਇੱਕ ਦਿਨ ਇਹ ਕਹਿ ਦੇਵੇਗੀ ਕਿ ਸਰਕਾਰ ਬਣਵਾ ਦਿਓ, ਤੁਹਾਡੇ ਘਰ ਆ ਕੇ ਰੋਟੀ ਵੀ ਪਕਾ ਦਿਆ ਕਰਾਂਗੇ ਤੇ ਦੂਸਰੀ ਪਾਰਟੀ ਕਹਿ ਦੇਵੇਗੀ ਕਿ ਰੋਟੀ ਪੱਕ ਜਾਣ ਪਿੱਛੋਂ ਤੁਹਾਡੇ ਮੂੰਹ ਵਿੱਚ ਬੁਰਕੀ ਪਾਉਣ ਵਾਲਾ ਬੰਦਾ ਸਰਕਾਰ ਭੇਜਿਆ ਕਰੇਗੀ। ਸੁਪਰੀਮ ਕੋਰਟ ਵਿੱਚ ਇਹ ਦਲੀਲ ਏਨੀ ਗੰਭੀਰਤਾ ਨਾਲ ਜੱਜ ਸਾਹਿਬਾਨ ਨੇ ਸੁਣੀ ਕਿ ਇਸ ਦੇ ਬਾਅਦ ਭਾਰਤ ਸਰਕਾਰ ਅਤੇ ਚੋਣ ਕਮਿਸ਼ਨ ਲਈ ਨੋਟਿਸ ਜਾਰੀ ਕਰ ਕੇ ਜਵਾਬ ਮੰਗ ਲਿਆ ਹੈ। ਇਹੋ ਜਿਹਾ ਨੋਟਿਸ ਜਾਰੀ ਹੋਣਾ ਵੀ ਚਾਹੀਦਾ ਸੀ।

ਅਸੀਂ ਲੋਕਾਂ ਨੇ ਅੰਗਰੇਜ਼ੀ ਦੀ ਇੱਕ ਕਹਾਵਤ ਸੁਣੀ ਹੋਈ ਹੈ ਕਿ ਭੁੱਖੇ ਨੂੰ ਖਾਣ ਲਈ ਮੱਛੀ ਦੇਣ ਦੀ ਥਾਂ ਉਸ ਨੂੰ ਮੱਛੀ ਫੜਨ ਦੀ ਜਾਚ ਸਿਖਾਉਣ ਦੀ ਲੋੜ ਹੁੰਦੀ ਹੈ ਤਾਂ ਕਿ ਅਗਲੇ ਦਿਨ ਖੁਦ ਮੱਛੀ ਫੜ ਕੇ ਖਾ ਸਕੇ ਅਤੇ ਤੁਹਾਡੇ ਵੱਲ ਮੱਛੀ ਦੀ ਝਾਕ ਵਿੱਚ ਨਾ ਵੇਖਦਾ ਰਹੇ। ਭਾਰਤ ਵਿੱਚ ਏਦਾਂ ਦੇ ਲੱਖਾਂ ਨਹੀਂ, ਕਰੋੜਾਂ ਲੋਕ ਹਨ, ਜਿਹੜੇ ਕਮਾ ਕੇ ਖਾਣ ਨੂੰ ਪਹਿਲ ਦੇਣਾ ਚਾਹੁੰਦੇ ਹਨ, ਉਨ੍ਹਾਂ ਨੂੰ ਕੰਮ ਨਹੀਂ ਮਿਲਦਾ। ਸਰਕਾਰੀ ਵਿਭਾਗਾਂ ਵਿੱਚ ਪੋਸਟਾਂ ਖਾਲੀ ਹਨ, ਪਰ ਉਨ੍ਹਾਂ ਦੇ ਲਈ ਭਰਤੀ ਨਹੀਂ ਕੀਤੀ ਜਾ ਰਹੀ। ਜਿੱਥੇ ਭਰਤੀ ਕੀਤੀ ਜਾਂਦੀ ਹੈ, ਸਰਕਾਰਾਂ ਆਪਣੇ ਨਿਯਮ ਤੋੜ ਕੇ ਉਨ੍ਹਾਂ ਪੋਸਟਾਂ ਦੇ ਮੁਤਾਬਕ ਗਰੇਡ ਦੇਣ ਤੋਂ ਬਚਣ ਲਈ ਠੇਕੇ ਜਾਂ ਘੱਟ ਗਰੇਡ ਉੱਤੇ ਰੱਖਣ ਦੇ ਯਤਨ ਕਰਦੀਆਂ ਹਨ। ਅਦਾਲਤਾਂ ਉੱਤੇ ਭਰੋਸਾ ਕਰਨ ਦਾ ਸਬਕ ਹਰ ਲੋਕਤੰਤਰੀ ਦੇਸ਼ ਵਿੱਚ ਪੜ੍ਹਾਇਆ ਜਾਂਦਾ ਹੈ ਤੇ ਭਾਰਤ ਵਿੱਚ ਬਾਕੀ ਸਾਰੇ ਦੇਸ਼ਾਂ ਤੋਂ ਵੱਧ ਪੜ੍ਹਾਇਆ ਜਾਂਦਾ ਹੈ, ਪਰ ਖੁਦ ਸਰਕਾਰਾਂ ਹੀ ਅਦਾਲਤਾਂ ਦੇ ਉਹ ਫੈਸਲੇ ਲਾਗੂ ਨਹੀਂ ਕਰਦੀਆਂ, ਜਿਹੜੇ ਨੌਕਰੀ ਦੇਣ ਜਾਂ ਨੌਕਰੀ ਕਰਦੇ ਲੋਕਾਂ ਦੇ ਹਿੱਤਾਂ ਦੀ ਪਾਲਣਾ ਲਈ ਨਿਯਮ ਲਾਗੂ ਕਰਨ ਲਈ ਅਦਾਲਤਾਂ ਦੇਂਦੀਆਂ ਹਨ। ਬਹੁਤ ਸਾਰੇ ਮਾਮਲਿਆਂ ਵਿੱਚ ਅਦਾਲਤਾਂ ਦੇ ਦਿੱਤੇ ਹੋਏ ਫੈਸਲੇ ਲਾਗੂ ਕਰਾਉਣ ਲਈ ਫਿਰ ਅਦਾਲਤਾਂ ਵਿੱਚ ਅਰਜ਼ੀ ਦੇਣ ਦੀ ਨੌਬਤ ਆਉਂਦੀ ਹੈ ਤੇ ਇਹੋ ਜਿਹੇ ਕੇਸਾਂ ਵਿੱਚੋਂ ਵੀ ਬਹੁਤ ਸਾਰੇ ਮਾਮਲਿਆਂ ਵਿੱਚ ਅਦਾਲਤਾਂ ਇੱਕ ਹੱਦ ਤੋਂ ਅੱਗੇ ਵਧ ਕੇ ਲੋਕਾਂ ਦੀ ਮਦਦ ਕਰਨ ਤੋਂ ਕਿਨਾਰਾ ਕਰਨ ਦਾ ਰਾਹ ਲੱਭ ਲੈਂਦੀਆਂ ਹਨ। ਨਤੀਜੇ ਵਜੋਂ ਲੋਕ ਰੋਂਦੇ ਰਹਿ ਜਾਂਦੇ ਅਤੇ ਸਿਸਟਮ ਆਪਣੀ ਚਾਲ ਚੱਲਦਾ ਰਹਿੰਦਾ ਅਤੇ ਦੇਸ਼ ਦੇ ਲੋਕਾਂ ਨੂੰ ਸੰਵਿਧਾਨ ਅਤੇ ਨਿਆਂ ਪਾਲਿਕਾ ਦਾ ਸਤਿਕਾਰ ਕਰਨ ਲਈ ਉਹ ਸਬਕ ਪੜ੍ਹਾਉਂਦਾ ਰਹਿੰਦਾ ਹੈ, ਜਿਸ ਨਾਲ ਭੁੱਖੇ ਢਿੱਡਾਂ ਨੂੰ ਰੋਟੀ ਨਹੀਂ ਮਿਲ ਸਕਦੀ।

ਲੋਕਤੰਤਰ ਦੀ ਇਸ ਨਿਤਾਣੀ ਹਾਲਤ ਵਿੱਚ ਲੋਕਾਂ ਨੂੰ ਕਦੇ-ਕਦਾਈਂ ਗੁੱਸਾ ਕੱਢਣ ਲਈ ਚੋਣਾਂ ਦਾ ਮੌਕਾ ਮਿਲਦਾ ਹੈ ਤਾਂ ਉਨ੍ਹਾਂ ਅੱਗੇ ਮੁਖੌਟਿਆਂ ਦੀ ਏਨੀ ਭਰਮਾਰ ਹੋ ਜਾਂਦੀ ਹੈ ਕਿ ਲੋਕਾਂ ਦੀ ਅਕਲ ਗੋਤੇ ਖਾਣ ਲੱਗਦੀ ਹੈ। ਪੰਜ ਸਾਲ ਲੰਘਣ ਪਿੱਛੋਂ ਅਕਲ ਦੇ ਗੋਤੇ ਖਾਣ ਦਾ ਜਿਹੜਾ ਮੌਕਾ ਲੋਕਾਂ ਨੂੰ ਨਸੀਬ ਹੁੰਦਾ ਹੈ, ਇਸ ਵੇਲੇ ਪੰਜਾਬ ਦੇ ਲੋਕਾਂ ਮੂਹਰੇ ਓਦਾਂ ਦਾ ਮੌਕਾ ਫਿਰ ਝੰਡਾ ਚੁੱਕੀ ਖੜਾ ਹੈ, ਲੋਕ ਇਸ ਦੀ ਵਰਤੋਂ ਕਿੰਜ ਕਰਨਗੇ, ਕਿਹਾ ਨਹੀਂ ਜਾ ਸਕਦਾ।

## ਹਲਕਾ-ਫੁਲਕਾ



ਪਤਨੀ ਸਵੇਰੇ-ਸਵੇਰੇ ਬਿਸਤਰੇ ਵਿੱਚੋਂ ਉਠ ਕੇ ਮੇਕਅਪ ਕਰ ਰਹੀ ਸੀ। ਉਦੋਂ ਪਤੀ ਦੀ ਵੀ ਅੱਖ ਖੁੱਲ੍ਹ ਗਈ..

ਪਤੀ, ''ਪਾਗਲ ਹੋ ਗਈ ਏਂ, ਸਵੇਰੇ-ਸਵੇਰੇ ਮੇਕਅਪ ਕਰ ਰਹੀਂ ਏਂ?''

ਪਤਨੀ,''ਚੁੱਪਚਾਪ ਲੇਟੇ ਰਹੋ, ਮੈਂ ਆਪਣੇ ਫੋਨ ਦਾ ਲਾਕ ਖੋਲ੍ਹਣਾ ਹੈ, ਫੇਸ ਲਾਕ ਲਾਇਆ ਸੀ, ਮੈਨੂੰ ਪਛਾਣ ਨਹੀਂ ਰਿਹਾ।''

********

ਰਿਸ਼ਤੇਦਾਰ, ''ਹੋਰ ਬੇਟਾ, ਪੜ੍ਹਾਈ ਕਿਵੇਂ ਚੱਲ ਰਹੀ ਹੈ ਤੇਰੀ?''

ਬੱਚਾ, ''ਬਸ ਅੰਕਲ, ਉਹ ਤਾਂ ਚਲਦੇ-ਚਲਦੇ ਬਹੁਤ ਦੂਰ ਨਿਕਲ ਗਈ ਹੈ।''

********

ਮਾਲਕ ਨਵੇਂ ਨੌਕਰ ਦੀ ਇੰਟਰਵਿਊ ਲੈਂਦਾ ਹੋਇਆ, ''ਤੂੰ ਇਹ ਨਹੀਂ ਦੱਸਿਆ ਕਿ ਤੈਨੂੰ ਤੇਰੇ ਪਿਛਲੇ ਕੰਮ ਤੋਂ ਕਿਉਂ ਕੱਢਿਆ ਗਿਆ?''

ਨੌਕਰ, ''ਤੁਸੀਂ ਵੀ ਤਾਂ ਮੈਨੂੰ ਨਹੀਂ ਦੱਸਿਆ ਕਿ ਤੁਹਾਡਾ ਪਹਿਲਾ ਨੌਕਰ ਤੁਹਾਨੂੰ ਕਿਉਂ ਛੱਡ ਗਿਆ ਸੀ।''

*******


ਦੋ ਗੱਪੀ, ਗੱਪਾਂ ਮਾਰ ਰਹੇ ਸਨ। ਪਹਿਲੇ ਨੇ ਕਿਹਾ, ''ਇੱਕ ਵਾਰ ਮੈਂ ਹਵਾਈ-ਜਹਾਜ਼ ਵਿੱਚ ਸਫਰ ਕਰ ਰਿਹਾ ਸੀ। ਅਚਾਨਕ ਜਹਾਜ਼ ਹੇਠਾਂ ਵੱਲ ਆਉਣ ਲੱਗਾ ਤਾਂ ਮੈਂ ਉਪਰੋਂ ਛਾਲ ਮਾਰ ਦਿੱਤੀ।''

ਦੂਸਰਾ, ''ਇਹ ਤਾਂ ਕੁਝ ਵੀ ਨਹੀਂ। ਇੱਕ ਵਾਰ ਮੇਰੇ ਨਾਲ ਵੀ ਅਜਿਹਾ ਹੋਇਆ ਸੀ, ਪਰ ਮੈਂ ਹੇਠਾਂ ਡਿੱਗ ਰਹੇ ਜਹਾਜ਼ ਨੂੰ ਕੈਚ ਕਰ ਲਿਆ ਅਤੇ ਦੂਸਰੇ ਯਾਤਰੀਆਂ ਨੂੰ ਵੀ ਬਚਾ ਲਿਆ।''


ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com | 647-739-4641
satsahibusa@gmail.com | 346-714-0224



Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?

ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust

You only pay upon settlement

GURSHARAN BOBBY SIDHU
647.539.3020

1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto

email: bsidhu@steinmetzlawyers.ca website: www.steinmetzlawyers.ca

# ਸੀਰੀਆ ਵਿੱਚ ਆਈ ਐਸ ਆਈ ਐਸ ਅੱਤਵਾਦੀਆਂ ਦੀ ਅਗਵਾਈ ਕਰਦੀ ਅਮਰੀਕਨ ਔਰਤ ਗ੍ਰਿਫ਼ਤਾਰ

ਵਾਸ਼ਿੰਗਟਨ, 31 ਜਨਵਰੀ (ਪੋਸਟ ਬਿਊਰੋ)- ਅਮਰੀਕਾ ਦੇ ਨਿਆਂ ਵਿਭਾਗ ਨੇ ਇੱਕ ਅਮਰੀਕੀ ਔਰਤ ਉੱਤੇ ਸੀਰੀਆ ਵਿੱਚ ਇਸਲਾਮਿਕ ਸਟੇਟ (ਆਈ ਐਸ ਆਈ ਐਸ) ਦੀ ਇੱਕ ਆਲ-ਫ਼ੀਮੇਲ ਬਟਾਲੀਅਨ ਦੀ ਅਗਵਾਈ ਕਰਨ ਅਤੇ ਸੰਗਠਨ ਨੂੰ ਸਮੱਗਰੀ ਤੇ ਹੋਰ ਸਹਾਇਤਾ ਪੁਚਾਉਣ ਦਾ ਦੋਸ਼ ਲਾਇਆ ਹੈ।

ਵਿਭਾਗ ਦੇ ਅਧਿਕਾਰਤ ਬਿਆਨ ਅਨੁਸਾਰ ਵਰਜੀਨੀਆ ਦੇ ਪੂਰਬੀ ਜ਼ਿਲ੍ਹੇ ਦੀ ਅਦਾਲਤ ਵਿੱਚ 2019 ਵਿੱਚ ਦਾਇਰ ਇੱਕ ਅਪਰਾਧਿਕ ਸ਼ਿਕਾਇਤ ਕੱਲ੍ਹ ਖੋਲ੍ਹੀ ਗਈ ਹੈ। ਇਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਐਲੀਸਨ ਫ਼ਲੁਕ-ਅਕਰੇਨ ਨੇ ਇਸਲਾਮਿਕ ਸਟੇਟ ਵੱਲੋਂ ਇੱਕ ਆਲ-ਮਹਿਲਾ ਫ਼ੌਜੀ ਬਟਾਲੀਅਨ ਬਣਾਈ ਅਤੇ ਉਸ ਦੀ ਅਗਵਾਈ ਕੀਤੀ ਸੀ।ਅਮਰੀਕੀ ਮਹਿਲਾ ਨੂੰਪਹਿਲਾਂ ਸੀਰੀਆ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਅਪਰਾਧਿਕ ਸ਼ਿਕਾਇਤ ਦੇ ਅਨੁਸਾਰ ਕੰਸਾਸ ਦੀ ਸਾਬਕਾ ਵਾਸੀ



ਐਲੀਸਨ ਐਲਿਜ਼ਾਬੈਥ ਫ਼ਲੁਕ-ਅਕਰੇਨ ਉਰਫ਼ ਐਲੀਸਨ ਐਲਿਜ਼ਾਬੈਥ ਬਰੂਕਸ ਉਰਫ਼ ਐਲੀਸਨ ਏਕਰੇਨ ਉਰਫ਼ ਮੁਹੰਮਦ ਅਲ-ਅਮਰੀਕੀ ਉਰਫ਼ ਉਮ ਮੁਹੰਮਦ ਅਤੇ ਉਰਫ਼ ਜਬਰਿਲ (42) ਕਈ ਸਾਲ ਪਹਿਲਾਂ ਅਤਿਵਾਦ ਫੈਲਾਉਣ ਜਾਂ ਸਮਰਥਨ ਕਰਨ ਦੇ ਉਦੇਸ਼ ਨਾਲ ਸੀਰੀਆ ਗਈ ਸੀ। ਉਹ ਘੱਟੋ-ਘੱਟ 2014 ਤੋਂ ਆਈ ਐਸ ਦੀਆਂ ਅਤਿਵਾਦ ਨਾਲ ਸਬੰਧਤ ਕਈ ਗਤੀਵਿਧੀਆਂ ਵਿੱਚ ਸ਼ਾਮਲ ਸੀ। ਉਸ ਉੱਤੇ ਅਮਰੀਕਾ ਦੇ ਕਾਲਜ ਕੈਂਪਸ ਉੱਤੇ ਸੰਭਾਵੀ ਹਮਲੇ ਲਈ ਆਈ ਐਸ ਮੈਂਬਰਾਂ ਦੀ ਯੋਜਨਾ ਬਣਾਉਣ ਤੇ ਭਰਤੀ ਕਰਨ ਅਤੇ ਖ਼ਤੀਬਾ ਨੁਸੈਬਾਹ ਨਾਮੀ ਆਈ ਐਸ ਬਟਾਲੀਅਨ ਦੀ ਅਗਵਾਈ ਕਰਨ ਦਾ ਵੀ ਦੋਸ਼ ਹੈ।ਇਸ ਬਟਾਲੀਅਨ ਵਿੱਚ ਔਰਤਾਂ ਨੂੰ ਆਟੋਮੈਟਿਕ ਹਥਿਆਰ ਐਨ-37, ਅਸਾਲਟ ਰਾਈਫਲਾਂ, ਗ੍ਰੇਨੇਡ ਅਤੇ ਸੁਸਾਈਡ ਬੈਲਟ ਦੀ ਵਰਤੋਂ ਬਾਰੇ ਸਿਖਲਾਈ ਦਿੱਤੀ ਜਾਂਦੀ ਹੈ। ਉਸ ਨੇ ਕਿਹਾ ਕਿ ਫ਼ਲੁਕ-ਅਕਰੇਨ ਆਈ ਐਸ ਮੈਂਬਰਾਂ ਨੂੰ ਰਿਹਾਇਸ਼ ਦਿਵਾਉਣ, ਆਈ ਐਸ ਨੇਤਾਵਾਂ ਦੁਆਰਾ ਦਿੱਤੇ ਭਾਸ਼ਣਾਂ ਦਾ ਅਨੁਵਾਦ ਕਰਨ, ਬੱਚਿਆਂ ਨੂੰ ਏ ਕੇ -47, ਅਸਾਲਟ ਰਾਈਫਲਾਂ ਤੇ ਆਤਮਘਾਤੀ ਬੈਲਟਾਂ ਦੀ ਵਰਤੋਂ ਕਰਨ ਦੀ ਸਿਖਲਾਈ ਦੇਣ ਅਤੇ ਕੱਟੜਪੰਥੀ ਸਿਧਾਂਤਾਂ ਨੂੰ ਸਿਖਾਉਣ ਵਿੱਚ ਸ਼ਾਮਲ ਹੈ।

# ਪਾਕਿਸਤਾਨ ਵਿੱਚ ਪਾਦਰੀ ਦੀ ਹੱਤਿਆ

ਪੇਸ਼ਾਵਰ, 31 ਜਨਵਰੀ (ਪੋਸਟ ਬਿਊਰੋ)- ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਉੱਤੇ ਹਮਲੇ ਰੁਕਣ ਦਾ ਨਾਂਅ ਨਹੀਂ ਲੈ ਰਹੇ। ਬੰਦੂਕਧਾਰੀ ਹਮਲਾਵਰਾਂ ਨੇ ਕੱਲ੍ਹ ਪ੍ਰਾਰਥਨਾ ਸਭਾ ਤੋਂ ਮੁੜੇ ਈਸਾਈ ਧਰਮ ਗੁਰੂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ, ਜਦ ਕਿ ਇੱਕ ਹੋਰ ਵਿਅਕਤੀ ਜ਼ਖਮੀ ਹੋ ਗਿਆ ਹੈ।

ਪੁਲਸ ਦੇ ਮੁਤਾਬਕ ਪੇਸ਼ਾਵਰ ਦੇ ਗੁਆਂਢ ਵਿੱਚ ਗੁਲਬਹਾਰ ਵਿੱਚ ਹਮਲਾਵਰਾਂ ਨੇ ਘਾਤ ਲਾ ਕੇ ਬਿਸ਼ਪ ਵਿਲੀਅਮ ਸਿਰਾਜ ਦੀ ਕਾਰ ਉੱਤੇ ਹਮਲਾ ਕਰ ਦਿੱਤਾ। ਕਈ ਗੋਲੀਆਂ ਲੱਗਣ ਕਾਰਨ ਉਨ੍ਹਾਂ ਦੀ ਮੌਕੇ ਉੱਤੇ ਮੌਤ ਹੋ ਗਈ, ਜਦ ਕਿ ਉਨ੍ਹਾਂ ਦੇ ਸਾਥੀ ਫਾਦਰ ਨਈਅਰ ਪੈਟ੍ਰਿਕ ਗੰਭੀਰ ਜ਼ਖਮੀ ਹੋ ਗਏ। ਸੂਚਨਾ ਮਿਲਣ ਉੱਤੇ ਪੁਲਸ ਓਥੇ ਪੁੱਜੀ ਤੇ ਛਾਣਬੀਣ ਸ਼ੁਰੂ ਕੀਤੀ। ਹਮਲਾਵਰਾਂ ਨੂੰ ਫੜਨ ਲਈ ਇਲਾਕੇ ਦੀ ਨਾਕੇਬੰਦੀ ਕਰ ਦਿੱਤੀ ਗਈ। ਕਿਸੇ ਵੀ ਗਰੁੱਪ ਨੇ ਅਜੇ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ। ਪੁਲਸ ਨੇ ਕਿਹਾ ਕਿ ਉਹ ਮੋਟਰ ਸਾਈਕਲ ਰਾਹੀਂ ਦੌੜੇ ਹਮਲਾਵਰਾਂ ਦੀ ਪਛਾਣ ਲਈ ਸੀ ਸੀ ਟੀ ਵੀ ਕੈਮਰਿਆਂ ਦੀ ਜਾਂਚ ਕਰ ਰਹੀ ਹੈ।ਪਾਕਿਸਤਾਨ ਉਲੇਮਾ ਕੌਂਸਲ ਦੇ ਪ੍ਰਧਾਨ ਤੇ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਫਿਰਕੂ ਸਦਭਾਵਨਾ ਤੇ ਪੱਛਮੀ ਏਸ਼ੀਆ ਮਾਮਲਿਆਂ ਦੇ ਸਲਾਹਕਾਰ ਹਾਫਿਜ਼ ਮੁਹੰਮਦ ਤਾਹਿਰ ਮਹਿਮੂਦ ਅਸ਼ਰਫੀ ਨੇ ਘਟਨਾ ਦੀ ਨਿੰਦਾ ਕੀਤੀ ਹੈ। ਮੁੱਖ ਮੰਤਰੀ ਮਹਿਮੂਦ ਖਾਨ ਨੇ ਵੀ ਹਮਲੇ ਦੀ ਨਿੰਦਾ ਕਰਦੇ ਹੋਏ ਹਮਲਾਵਰਾਂ ਦੀ ਜਲਦੀ ਗ੍ਰਿਫਤਾਰੀ ਦੇ ਹੁਕਮ ਦਿੱਤੇ ਹਨ।


ਆਪਣੇ ਮਨ ਪਸੰਦ ਦੇ ਸੂਟ, ਸ਼ਾਲ, ਲਹਿੰਗਾ ਅਤੇ ਡੀਜ਼ਾਈਨਰ ਸੂਟ ਲੈਣ ਲਈ ਸੰਪਰਕ ਕਰੋ:
01191-9779100149





# ਦੋ ਸਾਲ ਪਿੱਛੋਂ ਵੀ ਭਾਰਤੀ ਵਿਦਿਆਰਥੀਆਂ ਨੂੰ ਚੀਨ ਜਾਣ ਦਾ ਇੰਤਜ਼ਾਰ

ਹਾਂਗਕਾਂਗ, 31 ਜਨਵਰੀ (ਪੋਸਟ ਬਿਊਰੋ)- ਕੋਰੋਨਾ ਦੇ ਕਾਰਨ ਹਜ਼ਾਰਾਂ ਭਾਰਤੀ ਮੈਡੀਕਲ ਵਿਦਿਆਰਥੀ ਆਪਣੀ ਸਿੱਖਿਆ ਦੇ ਅਚਾਨਕ ਠੱਪ ਹੋਣ ਤੋਂ ਦੋ ਸਾਲ ਬਾਅਦ ਵੀ ਚੀਨ ਮੁੜਨ ਦਾ ਇੰਤਜ਼ਾਰ ਕਰ ਰਹੇ ਹਨ ਤੇ ਆਪਣੇ ਭਵਿੱਖ ਬਾਰੇ ਚਿੰਤਾ ਕਰ ਰਹੇ ਹਨ।ਚੀਨ ਦੇ ਅੱਧਾ ਦਰਜਨ ਮੈਡੀਕਲ ਕਾਲਜਾਂ ਦੇ ਵਿਦਿਆਰਥੀਪਿਛਲੇ ਦੋ ਸਾਲਾਂ ਤੋਂ ਭਾਰਤ ਵਿੱਚ ਰਹਿ ਰਹੇ ਹਨ। ਉਨ੍ਹਾ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਬਾਰੇ ਕੋਈ ਸੂਚਨਾ ਨਹੀਂ ਦਿੱਤੀ ਗਈ ਕਿ ਉਹ ਕਦੋਂ ਪਰਤ ਸਕਦੇ ਹਨ ਅਤੇ ਉਹ ਆਨਲਾਈਨ ਕਲਾਸਾਂ ਰਾਹੀਂ ਹੀ ਪੜ੍ਹਾਈ ਕਰ ਰਹੇ ਹਨ, ਜਿਸ ਨਾਲ ਉਹ ਪ੍ਰੈਕਟੀਕਲ ਟ੍ਰੇਨਿੰਗ ਤੋਂ ਵਾਂਝੇ ਹੋ ਗਏ ਹਨ, ਜੋ ਮੈਡੀਕਲ ਸਿੱਖਿਆ ਦਾ




ਇੱਕ ਮਹੱਤਵਪੂਰਨ ਅੰਗ ਹਨ।

ਦੂਜੇ ਪਾਸੇ ਕਾਲਜਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਚੀਨੀ ਅਧਿਕਾਰੀਆਂ ਵੱਲੋਂ ਕੋਈ ਸਮਾਂ ਸੂਚੀ ਨਹੀਂ ਦਿੱਤੀ ਗਈ ਕਿ ਉਹ ਵਿਦਿਆਰਥੀਆਂ ਲਈ ਵੀਜ਼ਾਂ ਅਰਜ਼ੀਆਂ ਲਈ ਜ਼ਰੂਰੀ ਪੱਤਰ ਕਦੋਂ ਜਾਰੀ ਕਰ ਸਕਦੇ ਹਨ। ਚੀਨੀ ਪ੍ਰੋਗਰਾਮਾਂ ਵਿੱਚਕਰੀਬ 23,000 ਭਾਰਤੀ ਮੈਡੀਕਲ ਵਿਦਿਆਰਥੀ ਪੜ੍ਹਦੇ ਹਨ।ਜਨਵਰੀ 2020 ਦੇ ਅੰਤ ਵਿੱਚ ਚੀਨ ਦੇ ਕਾਲਜ ਕੋਰੋਨਾ ਦੇ ਕਹਿਰ ਕਾਰਨ ਬੰਦ ਹੋ ਗਏ। ਕਈ ਵਿਦਿਆਰਥੀ ਆਪਣੀਆਂ ਛੁੱਟੀਆਂ ਦੌਰਾਨ ਭਾਰਤ ਵਿੱਚ ਸਨ ਅਤੇ ਉਦੋਂ ਤੋਂ ਦੇਸ਼ ਵਿੱਚ ਹਨ। ਮਹਾਮਾਰੀ ਫੈਲਣ ਉੱਤੇ ਹੋਰ ਲੋਕ ਪਰਤ ਆਏ, ਵਿਸ਼ੇਸ਼ ਰੂਪ ਵਿੱਚ ਵੂਹਾਨ ਅਤੇ ਹੁਬੇਈ ਸੂਬੇ ਵਿੱਚ ਪੜ੍ਹਾਈ ਕਰਨ ਵਾਲੇ, ਜੋ ਚੀਨ ਵਿੱਚ ਮੈਡੀਕਲ ਸਿੱਖਿਆ ਦੇ ਮਹੱਤਵਪੂਰਨ ਕੇਂਦਰ ਹਨ।




ਸਫ਼ਲ ਨਤੀਜ਼ੇ

ਗੁਰਪ੍ਰੀਤ ਸਿੰਘ ਢਿਲੋਂ
ਰੀਜ਼ਨਲ ਕੌਂਸਲਰ ਬਰੈਂਪਟਨ
ਵਾਰਡ ਨੰਬਰ 9 ਅਤੇ 10

**2019**

0% ਸ਼ਹਿਰੀ ਟੈਕਸ ਵਾਧੇ ਨੂੰ ਪ੍ਰਵਾਨਗੀ

ਸੀਨੀਅਰ ਵਾਸੀਆਂ ਲਈ $0 ਤੇ ਬੱਸ ਪਾਸ ਸੁਵਿਧਾ ਮਤਾ ਲਿਆਂਦਾ ਤੇ ਪਾਸ ਕਰਵਾਇਆ (2022 ਤੋਂ ਸ਼ੁਰੂਆਤ)

ਕਵੀਨ ਸਟਰੀਟ (Queen Street) ਤੋਂ ਯੌਰਕ ਯੂਨੀਵਰਸਿਟੀ (York University) ਤੱਕ ਦੇ ਤੇਜ਼ ਤੇ ਲਗਾਤਾਰ (Rapid) ਬੱਸਾਂ ਦੀ ਆਵਾਜਾਈ ਲਈ ਅਤੇ ਡਾਊਨਟਾਊਨ ਲਈ ਮੁੜ ਤੋਂ ਐਲ.ਆਰ.ਟੀ (LRT) ਯੋਜਨਾ ਲਿਆਉਣ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਵਿਭਿੰਨਤਾ (Diversity) ਅਤੇ ਸੰਮਲਿਤ (inclusion) ਆਡਿਟ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਗੋਰ ਮੈਡੋਜ਼ (Gore Meadows) ਖੇਡ ਸਹੂਲਤਾਂ ਦੇ ਫੇਜ਼ 3 ਨੂੰ ਪ੍ਰਵਾਨਗੀ

ਪੀਲ ਪੁਲਿਸ ਦੇ ਲਈ 55 ਨਵੇਂ ਅਫ਼ਸਰਾਂ ਦੀ ਭਰਤੀ ਨੂੰ ਪ੍ਰਵਾਨਗੀ।

ਭੰਗ (Cannabis) ਦੀ ਪ੍ਰਚੂਨ ਵਿਕਰੀ ਦੇ ਵਿਰੁੱਧ ਚ ਵੋਟ ਪਾਈ ਤੇ ਉਸਦੇ ਉਲਟ ਵਕਾਲਤ ਕੀਤੀ

ਗੁਰੂ ਨਾਨਕ ਦੇਵ ਜੀ ਦੇ ਨਾਮ ਉਪਰ ਸੜਕ ਦਾ ਨਾਮ ਰੱਖਣ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਵਾਰਡ 9 ਅਤੇ 10 ਦੇ ਪਾਰਕ ਅਤੇ ਖੇਡ ਮੈਦਾਨ ਦੇ ਸੁਧਾਰ ਲਈ $1.5 ਮਿਲੀਅਨ ਦੀ ਮੰਨਜ਼ੂਰੀ

ਕਾਮਾਗਾਟਾ ਮਾਰੂ ਦੇ ਨਾਮ ਤੇ ਪਾਰਕ ਦਾ ਨਾਮ ਰੱਖਣ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

ਕ੍ਰਿਸਚਨ ਵਿਰਾਸਤ ਮਹੀਨੇ ਨੂੰ ਮਨਾਉਣ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਟਰੱਕ ਸੁਰੱਖਿਆ ਟਾਊਨ ਹਾਲ ਦੀ ਮੇਜ਼ਬਾਨੀ

$11.2 ਮਿਲੀਅਨ ਦੇ ਕਰਜ਼ ਅਦਾਇਗੀ ਅਤੇ $8.8 ਮਿਲੀਅਨ ਨੂੰ ਰਾਖਵੇਂ ਫੰਡ ਚ ਪਾਉਣ ਦੀ ਮੰਨਜ਼ੂਰੀ

ਕਿਊਬੈਕ ਬਿੱਲ 21 ਦੇ ਲਈ ਨਿੰਦਾ ਪ੍ਰਸਤਾਵ ਦੇ ਖਿਲਾਫ ਮਤਾ ਲਿਆਂਦਾ ਤੇ ਪਾਸ ਕਰਵਾਇਆ (ਧਾਰਮਿਕ ਵਿਸ਼ਵਾਸ਼ ਦੇ ਚਿੰਨਾਂ ਤੇ ਰੋਕ ਜਿਸ ਨਾਲ ਹਿੰਦੂ, ਸਿੱਖ, ਇਸਾਈ, ਮੁਸਲਿਮ ਅਤੇ ਯਹੂਦੀ ਧਾਰਮਿਕ ਲੋਕਾਂ ਦੇ ਅਕੀਦਿਆਂ ਨੂੰ ਸੱਟ)

**2020**

0% ਸ਼ਹਿਰੀ ਟੈਕਸ ਵਾਧੇ ਨੂੰ ਪ੍ਰਵਾਨਗੀ

ਸ਼ਹਿਰ ਦੇ ਇੱਕੋ ਇਕ ਕੌਂਸਲਰ ਜਿਸਨੇ ਬਾਰਸ਼/ਤੂਫ਼ਾਨ ਦੇ ਪਾਣੀ (stormwater) ਤੇ ਚਾਰਜ/ਟੈਕਸ ਦੇ ਵਿਰੋਧ ਚ' ਵੋਟ ਕੀਤੀ

ਬੇਸਮੈਂਟ ਨਵੀਨੀਕਰਣ (renovation) ਲੋਨ ਪ੍ਰੋਗਰਾਮ ਨੂੰ ਲਾਗੂ ਕਰਨ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

ਵਾਰਡ ਨੰਬਰ 9 ਵਿੱਚ 89 ਕਿਫ਼ਾਇਤੀ ਘਰੈਲੂ ਇਕਾਈਆਂ (affordable housing units) ਦੀ ਉਸਾਰੀ ਨੂੰ ਪ੍ਰਵਾਨਗੀ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਦੂਜੇ ਯੂਨਿਟ ਦੀ ਰਜਿਸਟਰੇਸ਼ਨ ਨੂੰ ਸੁਚਾਰੂ ਕਰਨ ਲਈ ਪਾਰਕਿੰਗ ਦੀ ਜ਼ਰੂਰਤ ਵਾਲੀ ਸ਼ਰਤ ਨੂੰ ਖ਼ਤਮ ਕਰਨ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ

ਵਾਰਡ ਨੰਬਰ 10 ਦੀ ਆਵਾਜਾਈ ਲਈ $128 ਮਿਲੀਅਨ ਦੀ ਸੁਵਿਧਾ ਨੂੰ ਮੰਨਜ਼ੂਰੀ

ਵਿਭਿੰਨਤਾ (Diversity) ਅਤੇ ਬਰਾਬਰਤਾ (equity) ਦਫ਼ਤਰ ਦੀ ਸਥਾਪਤੀ

ਕੋਵਿਡ-19 ਸੀਨੀਅਰ ਟਾਸਕ ਫੋਰਸ ਦੀ ਪ੍ਰਧਾਨਗੀ

ਟੈਕਸੀ ਡਰਾਈਵਰਾਂ ਲਈ ਕੋਵਿਡ-19 ਰਾਹਤ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

ਭਾਸ਼ਾਈ ਤੇ ਭਾਈਚਾਰੇ ਅਧਾਰਿਤ ਸੰਚਾਰ ਸੰਸਥਾਵਾਂ ਨੂੰ ਫੰਡਿੰਗ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

ਪੀਅਰਸਨ ਹਵਾਈ ਅੱਡੇ ਦੇ ਟੈਕਸੀ ਅਤੇ ਲੀਮੋ ਡਰਾਈਵਰਾਂ ਦੇ ਫ਼ੀਸ ਵਾਧੇ ਦੇ ਵਿਰੋਧ ਚ ਸਮਰਥਨ ਲਈ ਵਕਾਲਤੀ ਮਤਾ (advocacy motion) ਲਿਆਂਦਾ ਤੇ ਪਾਸ ਕਰਵਾਇਆ

ਹਵਾਈ ਅੱਡੇ ਨੂੰ ਏਅਰਪੋਰਟ ਰੋਡ ਜ਼ੂਮ (Zum) ਸਿੱਧੀ ਬੱਸ ਸੇਵਾ ਨੂੰ ਪ੍ਰਵਾਨਗੀ (ਸ਼ੁਰੂਆਤ 2022 ਤੋਂ)

ਭਾਰਤ ਦੇ ਕਿਸਾਨੀ ਬਿੱਲਾਂ ਨਾਲ ਪ੍ਰਭਾਵਿਤ ਸ਼ਹਿਰ ਵਾਸੀਆਂ ਨਾਲ ਕੌਂਸਲ ਦੀ ਏਕਤਾ ਵਿਖਾਉਂਦਾ ਮਤਾ ਲਿਆਂਦਾ ਤੇ ਪਾਸ ਕਰਵਾਇਆ

ਸੂਬੇ ਦੇ ਨਵੇਂ ਨਿਯਮਾਂ (provincial regulations) ਵਿਰੁੱਧ ਆਵਾਜ਼ ਉਠਾ ਰਹੇ ਡੰਪ ਟਰੱਕ ਉਪਰੇਟਰਜ਼ ਦੇ ਹੱਕ ਚ ਮਤਾ ਲਿਆਂਦਾ ਤੇ ਪਾਸ ਕਰਵਾਇਆ

**2021**

0% ਸ਼ਹਿਰੀ ਟੈਕਸ ਵਾਧੇ ਨੂੰ ਪ੍ਰਵਾਨਗੀ

ਵਾਰਡ ਨੰਬਰ 9 ਅਤੇ 10 ਵਿੱਚ ਪੀਲ ਪੁਲਿਸ ਸੈਟੇਲਾਈਟ ਸਟੇਸ਼ਨ ਲਈ ਮਤਾ ਲਿਆਂਦਾ ਤੇ ਪਾਸ ਕਰਵਾਇਆ (ਗਰਮੀਆਂ (summer) 2022)

ਸ਼ਹਿਰ ਦੁਆਰਾ ਅਧਿਕਾਰਤ ਤੌਰ ਤੇ ਆਟੋ ਬੀਮੇ ਦੀ ਦਰ ਘਟਾਉਣ ਸੰਬੰਧੀ ਵਕਾਲਤੀ ਮੁਹਿੰਮ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

26 ਨਵੇਂ ਪੀਲ ਪੁਲਿਸ ਅਫ਼ਸਰਾਂ ਦੀ ਭਰਤੀ ਨੂੰ ਪ੍ਰਵਾਨਗੀ

ਪੀਲ ਮੈਮੋਰੀਅਲ ਨੂੰ ਪੂਰਨ ਸੇਵਾ ਹਸਪਤਾਲ ਵਿੱਚ ਬਦਲਾਅ ਸੰਬੰਧੀ ਸਫ਼ਲ ਵਕਾਲਤ

ਵਾਰਡ ਨੰਬਰ 10 ਦੇ 7-ਇਲੈਵਨਜ਼ ਵਿੱਚ ਸ਼ਰਾਬ ਦੇ ਵਿਕਰੀ ਲਾਇਸੰਸ ਨੂੰ ਰੱਦ ਕਰਨ ਸੰਬੰਧੀ ਸਫ਼ਲ ਮਤਾ ਲਿਆਂਦਾ ਤੇ ਪਾਸ ਕਰਵਾਇਆ

ਸ਼ਹਿਰ ਦੀ ਟਰੱਕ ਪਾਰਕਿੰਗ ਜ਼ਰੂਰਤ ਤੇ ਸੁਵਿਧਾ ਵਿੱਚ ਵਾਧੇ ਸੰਬੰਧੀ ਮਤਾ ਲਿਆਂਦਾ ਤੇ ਪਾਸ ਕਰਵਾਇਆ

ਵਾਰਡ ਨੰਬਰ 9 ਅਤੇ 10 ਦੇ ਪਾਰਕਾਂ ਚ ਵੱਡੇ ਸੁਧਾਰ

ਟਰੱਕ ਸੁਰੱਖਿਆ ਟਾਊਨ ਹਾਲ ਦੀ ਮੇਜ਼ਬਾਨੀ

ਰਾਇਰਸਨ (Ryerson) ਮੈਡੀਕਲ ਸਕੂਲ ਨੂੰ ਖੋਲਣ ਲਈ ਸਫ਼ਲ ਵਕਾਲਤ

ਯੂਨੀਵਰਸਿਟੀ ਆਫ਼ ਗਲਫ਼-ਹੰਬਰ (Guelph-Humber) ਨੂੰ 2025 ਤੱਕ ਬਰੈਂਪਟਨ ਚ ਤਬਦੀਲ ਕਰਨ ਸੰਬੰਧੀ ਗੱਲਬਾਤ ਨੂੰ ਪ੍ਰਵਾਨਗੀ

ਸੂਬੇ ਨੂੰ ਕਾਰਾਂ ਦੇ ਧੂੰਆਂ ਨਿਕਾਸ ਸਿਸਟਮ ਚ ਬਦਲਾਅ ਦੇ ਪ੍ਰਬੰਧ ਤੇ ਰੋਕ ਲਾਉਣ ਸੰਬੰਧੀ ਮਤਾ ਤਾਂ ਜੋ ਇਸ ਸਿਸਟਮ ਨਾਲ ਹੁੰਦੇ ਆਵਾਜ਼ ਪ੍ਰਦੂਸ਼ਣ ਨੂੰ ਰੋਕਿਆ ਜਾ ਸਕੇ

ਇਕੋ ਇਕ ਕੌਂਸਲਰ ਜਿਸਨੇ ਹਾਈਵੇਅ 413 ਦੇ ਹੱਕ ਵਿੱਚ ਬਿਨਾਂ ਕਿਸੇ ਸ਼ਰਤ ਦੇ ਵੋਟ ਪਾਈ

ਸੂਬੇ ਨੂੰ ਪ੍ਰਚੂਨ ਭੰਗ (cannabis) ਦੀ ਦੁਕਾਨ ਜ਼ੋਨਿੰਗ ਤੇ ਮੰਨਜ਼ੂਰੀ ਤੋਂ ਵੱਧ ਕੰਟਰੋਲ ਕਰਨ ਸੰਬੰਧੀ ਬੇਨਤੀ ਮਤਾ ਲਿਆਂਦਾ ਤੇ ਪਾਸ ਕਰਵਾਇਆ


ਕੀ ਤੁਸੀਂ ਕਰਜ਼ੇ ਵਿੱਚ ਹੋ?
ਕੀ ਤੁਸੀਂ ਕਲੈਕਸ਼ਨ ਕਾਲ ਤੋਂ ਅੱਕ ਚੁੱਕੇ ਹੋ?
BOOK YOUR FREE CONSULTATION
ਹੁਣ ਘਬਰਾਉਣ ਦੀ ਜ਼ਰੁਰਤ ਨਹੀਂ
ਹੁਣ ਗੋਮਾ ਸੰਧੂ ਕਰਣਗੇ ਤੁਹਾਡੇ ਕਰੈਡਿਟ ਕਾਰਡ, ਲੋਨ ਤੇ ਟੈਕਸ ਦੇ ਕਰਜ਼ੇ ਦਾ ਹੱਲ ਤੇ ਤੁਹਾਡੇ ਕਰਜ਼ੇ ਦਾ ਲਗਭਗ 75% ਘਟਾਉਣ ਵਿੱਚ ਮਦਦ ਕਰਣਗੇ
ਜੇਕਰ ਤੁਸੀਂ ਸੂ ਹੋ ਚੁੱਕੇ ਹੋ ਤੇ ਤੁਸੀਂ ਘਰ ਤੇ ਲੀਨ ਪੈਣ ,ਵੇਜ ਗਾਰਨੀਸ਼ਮੈਂਟ ਅਤੇ ਬੈਂਕ ਅਕਾਊਂਟ ਨੂੰ ਫ੍ਰੀਜ਼ ਹੋਣ ਤੋਂ ਬਚਾਉਣਾ ਚਾਉਂਦੇ ਹੋ ,ਅਤੇ ਤੁਸੀਂ ਆਪਣੀ ਕਾਰ ਤੇ ਟਰੱਕ ਦੀ ਕਿਸ਼ਤ ਨਹੀਂ ਦਿੱਤੀ ਤੇ ਤੁਹਾਡਾ ਐਸੇਟ ਸਰਨਡਰ ਹੋ ਗਿਆ ਹੈ ਤਾ
ਹੁਣ ਹੀ ਮੁਫਤ ਸਲਾਹ ਲਈ ਕਾਲ ਕਰੋ ਗੋਮਾ ਸੰਧੂ 4167316382
-Collection Calls
-Personal Taxes
-GST/HST
-Credit Card Debts
-Personal Loans
-Pay Day Loans
-Student Loans
-Wage Garnishment
-Writ on your property
-Frozen Bank Accounts
CONTACT US:
Goma Sandhu
(416)-731-6382
gomasandhu@hotmail.com
WE HELP...
-Save your Assets
-Avoid Bankruptcy
-Small monthly payments
-Rebuild your credit
YOUR DEBT $ MY SOLUTION


FREE ONLINE PROGRAM
JVS TORONTO
Job Search Workshop for Newcomers
Looking for information on how to enter your field in Canada?
Give us four days and we will give you more confidence and an understanding of your occupation in Canada. You will learn what skills and qualifications companies want and where the jobs are.
This free workshop offers:
• An assessment of your unique needs
• Info on Canadian business perspectives
• One-on-one coaching and resume building
• Job search strategies and support
• A personalized action plan
New registrants must have an assessment prior to the start of the program.
Open to permanent residents, convention refugees or live-in caregivers – internationally trained professionals who are able to work and can communicate in English.
Your First Steps to Employment in Canada
Now accepting applications.
For more info and to register, contact JSW@jvstoronto.org
www.jvstoronto.org
Funded by: Immigration, Refugees and Citizenship Canada
Financé par : Immigration, Réfugiés et Citoyenneté Canada
United Way Greater Toronto
UJA FEDERATION of Greater Toronto


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017